ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 24 ਮਾਰਚ 2026 (ਨਾਨਕਸ਼ਾਹੀ ਸੰਮਤ : ੫੫੮, ੧੧ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਆਮ ਜਨਤਾ ਨੂੰ ਇੱਕ ਹੋਰ ਵੱਡਾ ਝਟਕਾ, ਹੁਣ ਸਿਲੰਡਰਾਂ ’ਚ 14.2 ਨਹੀਂ, ਸਿਰਫ਼ 10 ਕਿੱਲੋ ਮਿਲੇਗੀ ਗੈਸ !

**ਨਵੀਂ ਦਿੱਲੀ, 23 ਮਾਰਚ (ਆਵਾਜ਼ਿ ਕੌਮ ਬਿਊਰੋ)**-ਖਾੜੀ ਦੇਸ਼ਾਂ ਵਿੱਚ ਚੱਲ ਰਹੀ ਜੰਗ ਹੁਣ ਭਾਰਤ ਦੀ ਊਰਜਾ ਸਪਲਾਈ ਨੂੰ ਪ੍ਰਭਾਵਿਤ ਕਰ ਰਹੀ ਹੈ। ਕੱਚੇ ਤੇਲ ਅਤੇ ਗੈਸ ਦੀ ਸਪਲਾਈ ਪ੍ਰਭਾਵਿਤ ਹੋਈ ਹੈ, ਜਿਸ ਕਾਰਨ ਆਯਾਤ ਵਿੱਚ ਗਿਰਾਵਟ ਆਈ ਹੈ। ਨਤੀਜੇ ਵਜੋਂ, ਤੇਲ ਮਾਰਕੀਟਿੰਗ ਕੰਪਨੀਆਂ ਆਪਣੇ ਉਪਲਬਧ ਸਟਾਕ ਨੂੰ ਤੇਜ਼ੀ ਨਾਲ ਖਤਮ ਕਰ ਰਹੀਆਂ ਹਨ। ਸਰਕਾਰ ਅਤੇ ਕੰਪਨੀਆਂ ਇਸ ਸਥਿਤੀ ਨੂੰ ਹੱਲ ਕਰਨ ਲਈ ਤਿਆਰ ਹਨ। ਦੱਸ ਦੇਈਏ ਕਿ ਜੰਗ ਕਾਰਨ ਭਾਰਤ ਵਿੱਚ LPG ਦੀ ਸਪਲਾਈ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਹੈ, ਜਿਸ ਮਗਰੋਂ ਤੇਲ ਮਾਰਕੀਟਿੰਗ ਕੰਪਨੀਆਂ (IOC, BPCL, HPCL) ਹੁਣ ਘਰੇਲੂ ਖਪਤਕਾਰਾਂ ਨੂੰ 14.2 ਕਿਲੋਗ੍ਰਾਮ ਵਾਲੇ ਸਟੈਂਡਰਡ ਸਿਲੰਡਰ ਵਿੱਚ ਸਿਰਫ਼ 10 ਕਿਲੋਗ੍ਰਾਮ ਗੈਸ ਭਰ ਕੇ ਦੇਣ ’ਤੇ ਵਿਚਾਰ ਕਰ ਰਹੀਆਂ ਹਨ। ਇਰਾਨ ਨਾਲ ਜੰਗ ਕਾਰਨ ‘ਹਰਮੁਜ਼ ਦੀ ਖਾੜੀ’ ਬੰਦ ਹੋਣ ਕਾਰਨ ਭਾਰਤ ਨੂੰ ਹੋਣ ਵਾਲੀ LPG ਦਰਾਮਦ ਵਿੱਚ ਭਾਰੀ ਗਿਰਾਵਟ ਆਈ ਹੈ, ਜਿਸ ਮਗਰੋਂ ਸਪਲਾਈ ’ਚ ਵੀ ਕਾਫ਼ੀ ਵਿਘਨ ਪਿਆ ਹੈ। ਇਸ ਦੌਰਾਨ ਕੰਪਨੀਆਂ ਦਾ ਮੰਨਣਾ ਹੈ ਕਿ ਸਿਲੰਡਰ ’ਚ ਗੈਸ ਦੀ ਮਾਤਰਾ ਘਟਾਉਣ ਨਾਲ ਮੌਜੂਦਾ ਸਟਾਕ ਨੂੰ ਜ਼ਿਆਦਾ ਤੋਂ ਜ਼ਿਆਦਾ ਪਰਿਵਾਰਾਂ ਤੱਕ ਪਹੁੰਚਾਇਆ ਜਾ ਸਕੇਗਾ। ਜ਼ਿਕਰਯੋਗ ਹੈ ਕਿ ਭਾਰਤ ਆਪਣੀ ਲੋੜ ਦਾ ਲਗਭਗ 60 ਫ਼ੀਸਦੀ LPG ਦਰਾਮਦ ਕਰਦਾ ਹੈ, ਜਿਸ ਵਿੱਚੋਂ 90 ਫ਼ੀਸਦੀ ਖਾੜੀ ਦੇਸ਼ਾਂ ਤੋਂ ਆਉਂਦਾ ਹੈ। ਜੰਗ ਕਾਰਨ ਇਹ ਸਪਲਾਈ ਚੇਨ ਟੁੱਟ ਗਈ ਹੈ, ਜਿਸ ਕਾਰਨ ਘਰੇਲੂ ਗੈਸ ਸਿਲੰਡਰ ਦੀ ਸਪਲਾਈ ਵੀ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਹੈ।

## ਡੀ. ਐਮ. ਰੰਧਾਵਾ ਸੁਸਾਈਡ ਮਾਮਲੇ ’ਚ

# ਸਾਬਕਾ ਮੰਤਰੀ ਲਾਲ ਜੀਤ ਭੁੱਲਰ ਗ੍ਰਿਫ਼ਤਾਰ, ਸੀਬੀਆਈ ਜਾਂਚ ਲਈ ਸ਼ਾਹ ਨੂੰ ਲੈਟਰ

**ਮੰਡੀ ਗੋਬਿੰਦਗੜ੍ਹ/ਨਵੀਂ ਦਿੱਲੀ, 23 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਵੇਅਰਹਾਊਸ ਦੇ ਜ਼ਿਲ੍ਹਾ ਮੈਨੇਜਰ ਗਗਨਦੀਪ ਸਿੰਘ ਰੰਧਾਵਾ ਦੇ ਖੁਦਕੁਸ਼ੀ ਮਾਮਲੇ ਵਿੱਚ ਆਮ ਆਦਮੀ ਪਾਰਟੀ ਦੇ ਸਾਬਕਾ ਮੰਤਰੀ ਲਾਲਜੀਤ ਭੁੱਲਰ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਰੰਧਾਵਾ ਦਾ ਪੋਸਟਮਾਰਟਮ ਤੀਜੇ ਦਿਨ ਵੀ ਨਹੀਂ ਹੋਇਆ ਹੈ। ਉਨ੍ਹਾਂ ਦੀ ਲਾਸ਼ ਅੰਮ੍ਰਿਤਸਰ ਦੇ ਇੱਕ ਹਸਪਤਾਲ ਵਿੱਚ ਰੱਖੀ ਗਈ ਹੈ। ਅੱਜ, ਡੀਸੀਪੀ ਰਵਿੰਦਰ ਪਾਲ ਸਿੰਘ ਟੀਮ ਦੇ ਨਾਲ ਉਨ੍ਹਾਂ ਦੇ ਪਰਿਵਾਰ ਤੋਂ ਡੀਐਮ ਦਾ ਮੋਬਾਈਲ ਫੋਨ ਲੈਣ ਗਈ। ਉਨ੍ਹਾਂ ਨੇ ਕਿਹਾ ਕਿ ਇਸ ਵਿੱਚ ਕੁਝ ਸਬੂਤ ਹੋ ਸਕਦੇ ਹਨ। ਹਾਲਾਂਕਿ, ਪਰਿਵਾਰ ਨੇ ਮੋਬਾਈਲ ਫੋਨ ਤੋਂ ਬਿਨਾਂ ਅਧਿਕਾਰੀ ਨੂੰ ਵਾਪਸ ਭੇਜ ਦਿੱਤਾ ਅਤੇ ਉਨ੍ਹਾਂ ਨੂੰ ਪਹਿਲਾਂ ਮੁਲਜ਼ਮ ਨੂੰ ਗ੍ਰਿਫ਼ਤਾਰ ਕਰਨ ਲਈ ਕਿਹਾ। ਹੁਣ ਇਸ ਮਾਮਲੇ ਦੀ ਜਾਂਚ ਸੀਬੀਆਈ ਨੂੰ ਸੌਂਪੀ ਜਾ ਸਕਦੀ ਹੈ। ਸੋਮਵਾਰ ਨੂੰ, ਕਾਂਗਰਸ ਸੰਸਦ ਮੈਂਬਰ ਗੁਰਜੀਤ ਔਜਲਾ ਨੇ ਲੋਕ ਸਭਾ ਵਿੱਚ ਇਹ ਮੁੱਦਾ ਉਠਾਇਆ, ਜਿਸ ਕਾਰਨ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਐਲਾਨ ਕੀਤਾ ਕਿ ਉਹ ਜਾਂਚ ਸੀਬੀਆਈ ਨੂੰ ਸੌਂਪ ਦੇਣਗੇ।




**ਇਨ੍ਹਾਂ ਸੰਸਦ ਮੈਂਬਰਾਂ ਵੱਲੋਂ ਅਮਿਤ ਸ਼ਾਹ ਨੂੰ ਪੱਤਰ** : ਇਸ ਤੋਂ ਬਾਅਦ, ਕਾਂਗਰਸ ਦੇ 7 ਸੰਸਦ ਮੈਂਬਰਾਂ ਵਿੱਚੋਂ 4 ਨੇ ਅਮਿਤ ਸ਼ਾਹ ਨੂੰ ਇੱਕ ਪੱਤਰ ਭੇਜਿਆ। ਪੱਤਰ ’ਤੇ ਜਲੰਧਰ ਦੇ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ, ਗੁਰਦਾਸਪੁਰ ਦੇ ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ, ਅੰਮ੍ਰਿਤਸਰ ਦੇ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਅਤੇ ਪਟਿਆਲਾ ਦੇ ਸੰਸਦ ਮੈਂਬਰ ਧਰਮਵੀਰ ਗਾਂਧੀ ਦੇ ਦਸਤਖਤ ਹਨ। ਲੁਧਿਆਣਾ ਦੇ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ, ਫਤਿਹਗੜ੍ਹ ਸਾਹਿਬ ਦੇ ਸੰਸਦ ਮੈਂਬਰ ਅਮਰ ਸਿੰਘ ਅਤੇ ਫਿਰੋਜ਼ਪੁਰ ਦੇ ਸੰਸਦ ਮੈਂਬਰ ਸ਼ੇਰ ਸਿੰਘ ਘੁਬਾਇਆ ਦੇ ਸਾਈਨ ਨਹੀਂ ਹਨ। ਪੰਜਾਬ ਦੀ ਗੱਲ ਕਰੀਏ ਤਾਂ, 13 ਸੰਸਦ ਮੈਂਬਰਾਂ ਵਿੱਚੋਂ, ਕਾਂਗਰਸ ਦੇ 7, ਆਪ ਦੇ 3, ਆਜ਼ਾਦ 2 ਅਤੇ ਅਕਾਲੀ ਦਲ ਦਾ 1 ਹੈ। ਕਾਂਗਰਸ ਅਤੇ ਅਕਾਲੀ ਦਲ ਦੋਵੇਂ ਰੰਧਾਵਾ ਪਰਿਵਾਰ ਦਾ ਸਮਰਥਨ ਕਰ ਰਹੇ ਹਨ। ਸੰਸਦ ਮੈਂਬਰ ਅੰਮ੍ਰਿਤਪਾਲ ਅਸਾਮ ਦੀ ਜੇਲ੍ਹ ਵਿੱਚ ਹੈ, ਜਦੋਂ ਕਿ ਸਰਬਜੀਤ ਸਿੰਘ ਨੇ ਅਜੇ ਤੱਕ ਇਸ ਮਾਮਲੇ ’ਤੇ ਕੋਈ ਟਿੱਪਣੀ ਨਹੀਂ ਕੀਤੀ ਹੈ।

## ਜੰਗ ’ਤੇ ਲੱਗੀ ਬ੍ਰੇਕ ! ਟਰੰਪ ਨੇ 5 ਦਿਨ ਲਈ ਰੋਕਿਆ ਆਪਣਾ ‘ਪਲਾਨ’

**ਵਾਸ਼ਿੰਗਟਨ, 23 ਮਾਰਚ (ਆਵਾਜ਼ਿ ਕੌਮ ਬਿਊਰੋ)**-ਪਿਛਲੇ ਕਰੀਬ 3 ਹਫ਼ਤਿਆਂ ਤੋਂ ਮਿਡਲ ਈਸਟ ’ਚ ਛਿੜੀ ਭਿਆਨਕ ਜੰਗ ਦੌਰਾਨ ਇੱਕ ਵੱਡੀ ਖ਼ਬਰ ਸਾਹਮਣੇ ਆਈ ਹੈ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਐਲਾਨ ਕੀਤਾ ਹੈ ਕਿ ਅਮਰੀਕਾ ਅਤੇ ਇਰਾਨ ਵਿਚਾਲੇ ਜਾਰੀ ਜੰਗ ਨੂੰ ਪੂਰੀ ਤਰ੍ਹਾਂ ਖ਼ਤਮ ਕਰਨ ਲਈ ਬਹੁਤ ਹੀ ਚੰਗੇ ਤਰੀਕੇ ਦੀ ਗੱਲਬਾਤ ਸ਼ੁਰੂ ਹੋ ਗਈ ਹੈ। ਰਾਸ਼ਟਰਪਤੀ ਟਰੰਪ ਨੇ ਸੋਸ਼ਲ ਮੀਡੀਆ ਰਾਹੀਂ ਜਾਣਕਾਰੀ ਦਿੱਤੀ ਕਿ ਪਿਛਲੇ 2 ਦਿਨਾਂ ਤੋਂ ਦੋਵਾਂ ਦੇਸ਼ਾਂ ਵਿਚਾਲੇ ਗੱਲਬਾਤ ਚੱਲ ਰਹੀ ਹੈ। ਇਸ ਗੱਲਬਾਤ ਦੇ ਹਾਂ-ਪੱਖੀ ਰੁਝਾਨ ਨੂੰ ਦੇਖਦਿਆਂ ਟਰੰਪ ਨੇ ਅਮਰੀਕੀ ਰੱਖਿਆ ਵਿਭਾਗ ਨੂੰ ਹਦਾਇਤ ਦਿੱਤੀ ਹੈ ਕਿ ਇਰਾਨ ਦੇ ਪਾਵਰ ਪਲਾਂਟਾਂ ’ਤੇ ਕੀਤੇ ਜਾਣ ਵਾਲੇ ਸਾਰੇ ਫੌਜੀ ਹਮਲਿਆਂ ਨੂੰ 5 ਦਿਨਾਂ ਲਈ ਮੁਲਤਵੀ ਕਰ ਦਿੱਤਾ ਜਾਵੇ। ਟਰੰਪ ਨੇ ਕਿਹਾ ਕਿ ਇਹ ਗੱਲਬਾਤ ਪੂਰੇ ਹਫ਼ਤੇ ਜਾਰੀ ਰਹੇਗੀ ਅਤੇ ਉਨ੍ਹਾਂ ਨੂੰ ਉਮੀਦ ਹੈ ਕਿ ਇਸ ਨਾਲ ਦੁਸ਼ਮਣੀ ਦਾ ਪੱਕਾ ਹੱਲ ਨਿਕਲ ਸਕਦਾ ਹੈ। ਟਰੰਪ ਦੇ ਇਸ ਫੈਸਲੇ ਨਾਲ ਕੌਮਾਂਤਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਵਧ ਰਹੀਆਂ ਕੀਮਤਾਂ ਨੂੰ ਠੱਲ੍ਹ ਪੈਣ ਦੀ ਉਮੀਦ ਹੈ ਅਤੇ ਦੁਨੀਆ ਭਰ ਨੇ ਇਸ ਦਾ ਸਵਾਗਤ ਕੀਤਾ ਹੈ। ਜ਼ਿਕਰਯੋਗ ਹੈ ਕਿ ਇਰਾਨ ਵੱਲੋਂ ਹਾਰਮੁਜ਼ ਖਾੜੀ ਨੂੰ ਬੰਦ ਕੀਤੇ ਜਾਣ ਮਗਰੋਂ ਟਰੰਪ ਨੇ ਇਰਾਨ ਨੂੰ ਇਸ ਰਸਤੇ ਨੂੰ ਮੁੜ ਖੋਲ੍ਹਣ ਲਈ 48 ਘੰਟੇ ਦਾ ਅਲਟੀਮੇਟਮ ਦਿੱਤਾ ਸੀ ਤੇ ਕਿਹਾ ਕਿ ਜੇਕਰ ਇਰਾਨ ਨੇ ਹਾਰਮੁਜ਼ ਰਸਤਾ ਨਾ ਖੋਲ੍ਹਿਆ ਤਾਂ ਅਮਰੀਕਾ ਇਰਾਨ ਦੇ ਪਾਵਰ ਪਲਾਂਟਾਂ ਨੂੰ ਉਡਾ ਦੇਵੇਗਾ। ਅਜਿਹੀ ਸਥਿਤੀ ’ਚ ਪਾਵਰ ਪਲਾਂਟਾਂ ’ਤੇ ਹਮਲਾ ਨਾ ਕਰਨਾ ਕਿਤੇ ਨਾ ਕਿਤੇ ਦੁਨੀਆ ਭਰ ਲਈ ਰਾਹਤ ਦੀ ਗੱਲ ਹੈ। ਹੁਣ ਦੇਖਣਾ ਹੋਵੇਗਾ ਕਿ ਦੋਵਾਂ ਧਿਰਾਂ ਵਿਚਾਲੇ ਚੱਲ ਰਹੀ ਗੱਲਬਾਤ ਜੰਗ ਨੂੰ ਖ਼ਤਮ ਕਰਦੀ ਹੈ ਜਾਂ ਆਉਣ ਵਾਲੇ ਸਮੇਂ ’ਚ ਹਮਲੇ ਹੋਰ ਤੇਜ਼ ਹੋਣਗੇ।



## ‘ਕਿਸਾਨਾਂ ’ਤੇ ਨਹੀਂ ਪੈਣ ਦੇਵਾਂਗੇ ਜੰਗ ਦਾ ਪ੍ਰਭਾਵ’, ਪ੍ਰਧਾਨ ਮੰਤਰੀ ਮੋਦੀ ਨੇ ਲੋਕ ਸਭਾ ’ਚ ਖਾਦ ਸੰਕਟ ਦੇ ਖਦਸ਼ੇ ’ਤੇ ਦਿੱਤਾ ਭਰੋਸਾ

**ਨਵੀਂ ਦਿੱਲੀ, 23 ਮਾਰਚ (ਆਵਾਜ਼ਿ ਕੌਮ ਬਿਊਰੋ)**-ਸੋਮਵਾਰ ਨੂੰ ਬਜਟ ਸੈਸ਼ਨ ਦੌਰਾਨ ਲੋਕ ਸਭਾ ਵਿੱਚ ਬੋਲਦੇ ਹੋਏ, ਪ੍ਰਧਾਨ ਮੰਤਰੀ ਮੋਦੀ ਨੇ ਇਜ਼ਰਾਈਲ-ਈਰਾਨ ਜੰਗ ਦੇ ਭਾਰਤੀ ਕਿਸਾਨਾਂ ਅਤੇ ਖੇਤੀਬਾੜੀ ’ਤੇ ਪ੍ਰਭਾਵ ਬਾਰੇ ਗੱਲ ਕੀਤੀ। ਉਨ੍ਹਾਂ ਕਿਹਾ ਕਿ ਇੱਕ ਵੱਡਾ ਸਵਾਲ ਖੇਤੀਬਾੜੀ ’ਤੇ ਜੰਗ ਦਾ ਪ੍ਰਭਾਵ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਕਿਸਾਨਾਂ ਨੇ ਸਾਡੇ ਅਨਾਜ ਭੰਡਾਰ ਭਰ ਦਿੱਤੇ ਹਨ, ਇਸ ਲਈ ਦੇਸ਼ ਕੋਲ ਕਾਫ਼ੀ ਅਨਾਜ ਹੈ। ਅਸੀਂ ਖਰੀਫ ਸੀਜ਼ਨ ਦੌਰਾਨ ਸਹੀ ਬਿਜਾਈ ਨੂੰ ਯਕੀਨੀ ਬਣਾਉਣ ਲਈ ਵੀ ਯਤਨਸ਼ੀਲ ਹਾਂ। ਸਰਕਾਰ ਨੇ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਖਾਦ ਦੇ ਢੁਕਵੇਂ ਪ੍ਰਬੰਧ ਵੀ ਕੀਤੇ ਹਨ।” ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਵਿੱਚ, ਸਾਡੀਆਂ ਸਰਕਾਰਾਂ ਨੇ ਵਿਸ਼ਵਵਿਆਪੀ ਸੰਕਟਾਂ ਦਾ ਬੋਝ ਕਿਸਾਨਾਂ ’ਤੇ ਨਹੀਂ ਪੈਣ ਦਿੱਤਾ। ਕੋਵਿਡ-19 ਮਹਾਂਮਾਰੀ ਦੌਰਾਨ ਵੀ, ਵਿਸ਼ਵਵਿਆਪੀ ਸਪਲਾਈ ਲੜੀ ਵਿੱਚ ਵਿਘਨ ਪਿਆ ਸੀ। ਯੂਰੀਆ ਦੀ ਇੱਕ ਬੋਰੀ ਵਿਸ਼ਵ ਬਾਜ਼ਾਰ ਵਿੱਚ ?3,000 ਤੱਕ ਪਹੁੰਚ ਗਿਆ। ਹਾਲਾਂਕਿ, ਭਾਰਤ ਵਿੱਚ ਕਿਸਾਨਾਂ ਨੂੰ ?300 ਤੋਂ ਘੱਟ ਵਿੱਚ ਉਹੀ ਥੈਲਾ ਉਪਲਬਧ ਕਰਵਾਇਆ ਗਿਆ ਸੀ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ, “ਦੇਸ਼ ਦੇ ਕਿਸਾਨਾਂ ਨੂੰ ਅਜਿਹੇ ਸੰਕਟਾਂ ਤੋਂ ਬਚਾਉਣ ਲਈ ਪਿਛਲੇ ਸਾਲਾਂ ਵਿੱਚ ਕਈ ਕਦਮ ਚੁੱਕੇ ਗਏ ਹਨ। ਪਿਛਲੇ ਦਹਾਕੇ ਵਿੱਚ, 6 ਯੂਰੀਆ ਪਲਾਂਟ ਚਾਲੂ ਕੀਤੇ ਗਏ ਹਨ, ਜਿਸ ਨਾਲ ਯੂਰੀਆ ਉਤਪਾਦਨ ਸਮਰੱਥਾ ਵਿੱਚ ਸਾਲਾਨਾ 7.6 ਮਿਲੀਅਨ ਮੀਟ੍ਰਿਕ ਟਨ ਤੋਂ ਵੱਧ ਦਾ ਵਾਧਾ ਹੋਇਆ ਹੈ। ਡੀਏਪੀ ਅਤੇ ਐਨਪੀਕੇਏ ਖਾਦਾਂ ਦੇ ਘਰੇਲੂ ਉਤਪਾਦਨ ਵੀ 50 ਲੱਖ ਮੀਟ੍ਰਿਕ ਟਨ ਵਧਾਇਆ ਗਿਆ ਹੈ। ਇਸ ਤੋਂ ਇਲਾਵਾ, ਤੇਲ ਅਤੇ ਗੈਸ ਆਯਾਤ ਵਾਂਗ ਖਾਦ ਆਯਾਤ ਵਿੱਚ ਵੀ ਵਿਭਿੰਨਤਾ ਆਈ ਹੈ।” ਉਨ੍ਹਾਂ ਕਿਹਾ, “ਇਸੇ ਤਰ੍ਹਾਂ, ਅਸੀਂ ਡੀਏਪੀ ਅਤੇ ਐਨਪੀਕੇਏ ਦੀ ਦਰਾਮਦ ਲਈ ਆਪਣੇ ਵਿਕਲਪਾਂ ਦਾ ਵਿਸਤਾਰ ਕੀਤਾ ਹੈ। ਅਸੀਂ ਆਪਣੇ ਕਿਸਾਨਾਂ ਨੂੰ ਮੇਡ ਇਨ ਇੰਡੀਆ ਨੈਨੋ ਯੂਰੀਆ ਦਾ ਵਿਕਲਪ ਵੀ ਦਿੱਤਾ ਹੈ। ਸਰਕਾਰ ਕਿਸਾਨਾਂ ਨੂੰ ਕੁਦਰਤੀ ਖੇਤੀ ਕਰਨ ਲਈ ਵੀ ਉਤਸ਼ਾਹਿਤ ਕਰ ਰਹੀ ਹੈ। ਪੀਐਮ ਕੁਸੁਮ ਯੋਜਨਾ ਦੇ ਤਹਿਤ, ਕਿਸਾਨਾਂ ਨੂੰ 22 ਲੱਖ ਤੋਂ ਵੱਧ ਸੋਲਰ ਪੰਪ ਪ੍ਰਦਾਨ ਕੀਤੇ ਗਏ ਹਨ, ਜਿਸ ਨਾਲ ਡੀਜ਼ਲ ’ਤੇ ਉਨ੍ਹਾਂ ਦੀ ਨਿਰਭਰਤਾ ਵੀ ਘੱਟ ਗਈ ਹੈ। ਮੈਂ ਸਦਨ ਰਾਹੀਂ ਦੇਸ਼ ਦੇ ਕਿਸਾਨਾਂ ਨੂੰ ਭਰੋਸਾ ਦਿਵਾਉਂਦਾ ਹਾਂ ਕਿ ਕੇਂਦਰ ਸਰਕਾਰ ਉਨ੍ਹਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰਦੀ ਰਹੇਗੀ।” ਜ਼ਿਕਰਯੋਗ ਹੈ ਕਿ 28 ਫਰਵਰੀ ਨੂੰ, ਸੰਯੁਕਤ ਰਾਜ ਅਤੇ ਇਜ਼ਰਾਈਲ ਨੇ ਈਰਾਨ ’ਤੇ ਸਾਂਝਾ ਹਮਲਾ ਕੀਤਾ ਸੀ। ਇਹ ਹਮਲਾ ਕਈ ਦਿਨਾਂ ਦੀਆਂ ਤਿਆਰੀਆਂ ਤੋਂ ਬਾਅਦ ਹੋਇਆ ਸੀ, ਜਿਸ ਦੌਰਾਨ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਤਹਿਰਾਨ ’ਤੇ ਆਪਣੇ ਪ੍ਰਮਾਣੂ ਪ੍ਰੋਗਰਾਮ ’ਤੇ ਇੱਕ ਨਵੇਂ ਸਮਝੌਤੇ ’ਤੇ ਸਹਿਮਤ ਹੋਣ ਲਈ ਦਬਾਅ ਵਧਾ ਰਹੇ ਸਨ।



## ਨਿਊਯਾਰਕ ਹਵਾਈ ਅੱਡੇ ’ਤੇ ਵੱਡਾ ਹਾਦਸਾ, ਏਅਰ ਕੈਨੇਡਾ ਦਾ ਜਹਾਜ਼ ਫਾਇਰ ਟਰੱਕ ਨਾਲ ਟਕਰਾਇਆ, ਦੋ ਪਾਇਲਟਾਂ ਦੀ ਮੌਤ




**ਨਿਊਯਾਰਕ, 23 ਮਾਰਚ (ਆਵਾਜ਼ਿ ਕੌਮ ਬਿਊਰੋ)**-ਨਿਊਯਾਰਕ ਦੇ ਲਾਗਾਰਡੀਆ ਹਵਾਈ ਅੱਡੇ ’ਤੇ ਇੱਕ ਵੱਡਾ ਜਹਾਜ਼ ਹਾਦਸਾ ਵਾਪਰਿਆ। ਖਰਾਬ ਮੌਸਮ ਦੇ ਵਿਚਕਾਰ ਗੇਟ ਦੇ ਨੇੜੇ ਪਹੁੰਚ ਰਿਹਾ ਇੱਕ ਏਅਰ ਕੈਨੇਡਾ ਜੈੱਟ ਰਨਵੇਅ ’ਤੇ ਖੜ੍ਹੇ ਇੱਕ ਫਾਇਰ ਟਰੱਕ ਨਾਲ ਟਕਰਾ ਗਿਆ। ਫਲਾਈਟ ਟਰੈਕਿੰਗ ਡੇਟਾ ਅਤੇ ਸਥਾਨਕ ਰਿਪੋਰਟਾਂ ਦੇ ਅਨੁਸਾਰ, ਹਾਦਸੇ ਵਿੱਚ ਸ਼ਾਮਲ ਜਹਾਜ਼ ਏਅਰ ਕੈਨੇਡਾ ਐਕਸਪ੍ਰੈਸ CRJ-900 ਸੀ, ਜੋ ਮਾਂਟਰੀਅਲ ਤੋਂ ਨਿਊਯਾਰਕ ਆ ਰਿਹਾ ਸੀ। ਟੱਕਰ ਇੰਨੀ ਗੰਭੀਰ ਸੀ ਕਿ ਦੋ ਲੋਕਾਂ ਦੀ ਮੌਤ ਹੋ ਗਈ। ਕਈ ਹੋਰ ਜ਼ਖਮੀ ਹੋ ਗਏ, ਜਿਨ੍ਹਾਂ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ਹਾਦਸੇ ਸਮੇਂ ਜਹਾਜ਼ ਵਿੱਚ ਲਗਭਗ 100 ਯਾਤਰੀ ਸਵਾਰ ਸਨ। ਐਮਰਜੈਂਸੀ ਬਚਾਅ ਟੀਮਾਂ ਤੁਰੰਤ ਮੌਕੇ ’ਤੇ ਪਹੁੰਚੀਆਂ ਅਤੇ ਬਚਾਅ ਕਾਰਜ ਸ਼ੁਰੂ ਕਰ ਦਿੱਤੇ। ਸੋਸ਼ਲ ਮੀਡੀਆ ’ਤੇ ਸਾਂਝੀਆਂ ਕੀਤੀਆਂ ਗਈਆਂ ਫੋਟੋਆਂ ਅਤੇ ਵੀਡੀਓ ਯਾਤਰੀ ਜਹਾਜ਼ ਦੇ ਨੱਕ ਅਤੇ ਪੂਛ ਨੂੰ ਭਾਰੀ ਨੁਕਸਾਨ ਦਿਖਾਉਂਦੀਆਂ ਹਨ। ਲਾਗਾਰਡੀਆ ਇੱਕ ਵਿਅਸਤ ਅਤੇ ਭੀੜ-ਭੜੱਕੇ ਵਾਲਾ ਹਵਾਈ ਅੱਡਾ ਹੈ। ਜਹਾਜ਼ ਹਾਦਸੇ ਦੇ ਕਾਰਨ, ਫੈਡਰਲ ਏਵੀਏਸ਼ਨ ਐਡਮਿਨਿਸਟ੍ਰੇਸ਼ਨ (FAA) ਨੇ ਲਾਗਾਰਡੀਆ ਹਵਾਈ ਅੱਡੇ ’ਤੇ ਸਾਰੀਆਂ ਉਡਾਣਾਂ ਲਈ ਜ਼ਮੀਨੀ ਰੋਕ ਜਾਰੀ ਕੀਤੀ ਹੈ। ਉਡਾਣਾਂ ਨੂੰ ਸ਼ੁਰੂ ਵਿੱਚ 05:30 GMT ਤੱਕ ਮੁਅੱਤਲ ਕਰ ਦਿੱਤਾ ਗਿਆ ਸੀ, ਪਰ ਸਥਿਤੀ ਦੀ ਗੰਭੀਰਤਾ ਦੇ ਅਧਾਰ ਤੇ, ਮੁਅੱਤਲੀ ਨੂੰ 18:00 GMT ਤੱਕ ਵਧਾਇਆ ਜਾ ਸਕਦਾ ਹੈ। ਹਵਾਈ ਅੱਡੇ ਦੇ ਅਧਿਕਾਰੀ ਅਤੇ ਸੁਰੱਖਿਆ ਏਜੰਸੀਆਂ ਰਨਵੇਅ ਤੋਂ ਮਲਬਾ ਹਟਾਉਣ ਅਤੇ ਜਾਂਚ ਕਰਨ ਲਈ ਕੰਮ ਕਰ ਰਹੀਆਂ ਹਨ। ਸ਼ੁਰੂਆਤੀ ਰਿਪੋਰਟਾਂ ਵਿੱਚ ਇਹ ਹਾਦਸਾ ਖਰਾਬ ਮੌਸਮ ਅਤੇ ਘੱਟ ਦ੍ਰਿਸ਼ਟੀ ਨੂੰ ਮੰਨਿਆ ਜਾ ਰਿਹਾ ਹੈ। ਅਜੇ ਤੱਕ ਇਸ ਗੱਲ ਦੀ ਪੁਸ਼ਟੀ ਨਹੀਂ ਹੋਈ ਹੈ ਕਿ ਰਨਵੇਅ ’ਤੇ ਫਾਇਰ ਇੰਜਣ ਕਿਉਂ ਮੌਜੂਦ ਸੀ। ਰੈਗੂਲੇਟਰ ਨੇ ਕਿਹਾ ਕਿ ਘਟਨਾ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਸੁਰੱਖਿਆ ਮਾਪਦੰਡਾਂ ਦੀ ਸਮੀਖਿਆ ਕੀਤੀ ਜਾਵੇਗੀ।

## ਖੰਨਾ ’ਚ ਸਾਹਮਣੇ ਆਈ ਬੇਅਦਬੀ ਦੀ ਘਟਨਾ, CCTV ’ਚ ਇੱਕ ਬੱਚਾ ਬੇਅਦਬੀ ਕਰਦਾ ਦਿੱਤਾ ਵਿਖਾਈ, ਸੰਗਤ ’ਚ ਰੋਸ



**ਖੰਨਾ, 23 ਮਾਰਚ (ਆਵਾਜ਼ਿ ਕੌਮ ਬਿਊਰੋ)**-ਖੰਨਾ ਵਿੱਚ ਬੇਅਦਬੀ ਦੀ ਘਟਨਾ ਸਾਹਮਣੇ ਆਈ ਹੈ ਜਿਸ ਵਿੱਚ ਪਵਿੱਤਰ ਗੁਟਕਾ ਸਾਹਿਬ ਦੇ ਅੰਗ ਫਾੜੇ ਗਏ ਅਤੇ ਗਲੀ ਵਿੱਚ ਖਿਲਾਰ ਦਿੱਤੇ ਗਏ। ਇਹ ਘਟਨਾ ਖੰਨਾ ਦੇ ਸਿੰਘ ਅਵੇਨੇਉ ਦੀ ਗਲੀ ਨੰਬਰ 2 ਵਿੱਚ ਵਾਪਰੀ ਹੈ। ਇਸ ਘਟਨਾ ਤੋਂ ਬਾਅਦ ਇਲਾਕੇ ਦੇ ਲੋਕਾਂ ਵਿੱਚ ਕਾਫੀ ਰੋਹ ਵੇਖਣ ਨੂੰ ਮਿਲਿਆ ਹੈ, ਇਸ ਘਟਨਾ ਦੀ ਇੱਕ ਸੀਸੀਟੀਵੀ ਫੁਟੇਜ ਵੀ ਸਾਹਮਣੇ ਆਈ ਹੈ, ਜਿਸ ਵਿੱਚ ਇੱਕ ਬੱਚਾ ਗੁਟਕਾ ਸਾਹਿਬ ਦੇ ਅੰਗ ਖਿਲਾਰਦਾ ਨਜ਼ਰ ਆ ਰਿਹਾ ਹੈ। ਇਲਾਕਾ ਨਿਵਾਸੀਆਂ ਦਾ ਕਹਿਣਾ ਹੈ ਕਿ ਇਹ ਕੋਈ ਸਾਜਿਸ਼ ਜਾਪਦੀ ਹੈ ਇਸ ਦੀ ਪੂਰਨ ਤਰੀਕੇ ਨਾਲ ਜਾਂਚ ਹੋਣੀ ਚਾਹੀਦੀ ਹੈ।“ ਸਥਾਨਕ ਲੋਕਾਂ ਦਾ ਇਹ ਵੀ ਕਹਿਣਾ ਹੈ ਕਿ ਇਹ ਘਟਨਾ ਨੂੰ ਅੰਜਾਮ ਝੁਗੀ ਚੋਪੜੀ ਵਾਲਿਆਂ ਨੇ ਦਿੱਤਾ ਹੈ ਅਤੇ ਇਹ ਨਜਾਇਜ਼ ਤੌਰ ਤੇ ਇੱਥੇ ਰਹਿ ਰਹੇ ਹਨ ਨਾ ਤਾਂ ਇਹਨਾਂ ਦੇ ਕੋਲ ਜਰੂਰੀ ਕਾਗਜ਼ਾਤ ਹਨ ਅਤੇ ਨਾ ਹੀ ਕੋਈ ਪਛਾਣ ਪੱਤਰ ਇਨ੍ਹਾਂ ਦੀ ਜਾਂਚ ਕਰ ਇਹਨਾਂ ਨੂੰ ਇੱਥੋਂ ਕੱਢਣਾ ਚਾਹੀਦਾ ਹੈ ਤਾਂ ਜੋ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨਾ ਹੋਣ। ਮੌਕੇ ’ਤੇ ਪੁਲਿਸ ਵੱਲੋਂ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਅਤੇ ਐਸਜੀਪੀਸੀ ਵੱਲੋਂ ਇਸ ਘਟਨਾ ਦੀ ਸ਼ਿਕਾਇਤ ਵੀ ਦਰਜ ਕਰਵਾਈ ਗਈ। ਸ਼੍ਰੋਮਣੀ ਅਕਾਲੀ ਦਲ ਦੇ ਖੰਨਾ ਤੋਂ ਹਲਕਾ ਇੰਚਾਰਜ ਯਾਦਵਿੰਦਰ ਸਿੰਘ ਜਾਦੂ ਨੇ ਕਿਹਾ ਕਿ ਇਸ ਘਟਨਾ ਦੀ ਪੂਰਨ ਤਰੀਕੇ ਨਾਲ ਜਾਂਚ ਹੋਣੀ ਚਾਹੀਦੀ ਹੈ ਅਤੇ ਇਸ ਪਿੱਛੇ ਜੋ ਵੀ ਜਿੰਮੇਵਾਰ ਹੈ ਉਹਨਾਂ ਨੂੰ ਸਜ਼ਾ ਮਿਲਣੀ ਚਾਹੀਦੀ ਹੈ ਨਹੀਂ ਤਾਂ ਸਾਨੂੰ ਇਸ ਘਨਾਉਣੇ ਅਪਰਾਧ ਖਿਲਾਫ ਧਰਨੇ ਦੇਣੇ ਪੈਣਗੇ। ਦੂਜੇ ਪਾਸੇ, ਡੀਐਸਪੀ ਤਰਲੋਚਨ ਸਿੰਘ ਨੇ ਦੱਸਿਆ ਕੀ ਘਟਨਾ ਦੀ ਸੂਚਨਾ ਮਿਲਦਿਆਂ ਹੀ ਪੁਲਿਸ ਦੀ ਟੀਮ ਮੌਕੇ ਤੇ ਪਹੁੰਚ ਗਈ ਸੀ ਅਤੇ ਇੱਕ ਸੀਸੀਟੀਵੀ ਵੀ ਸਾਹਮਣੇ ਆਈ ਹੈ ਜਿਸ ਦੇ ਵਿੱਚ ਇੱਕ ਬੱਚਾ ਗੁਟਕਾ ਸਾਹਿਬ ਤੇ ਅੰਗ ਖਿਲਾਰ ਦਾ ਨਜ਼ਰ ਆਇਆ ਹੈ ਅਤੇ ਇਸ ਦੀ ਜਾਂਚ ਕੀਤੀ ਜਾ ਰਹੀ ਹੈ ਜੋ ਵੀ ਇਸ ਘਟਨਾ ਦੇ ਪਿੱਛੇ ਹੋਵੇਗਾ ਉਸ ਵਿਅਕਤੀ ਤੇ ਕਾਰਵਾਈ ਕੀਤੀ ਜਾਵੇਗੀ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਨਗਰ ਕੀਰਤਨ ਐਤਵਾਰ 29 ਮਾਰਚ ਨੂੰ

**ਨਗਰ ਕੀਰਤਨ ਦਾ ਸਮਾਂ : 12 ਵਜੇ ਅਰੰਭਤਾ ਅਤੇ 5 ਵਜੇ ਸਮਾਪਤੀ ਹੋਵੇਗੀ । ਹੋਲੇ ਮਹੱਲੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ।**

**ਸ਼ਨਿੱਚਰਵਾਰ 28 ਮਾਰਚ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ ।**

ਐਤਵਾਰ 29 ਮਾਰਚ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ।

ਢਾਡੀ ਜਥਾ, ਰਾਗੀ ਜਥਾ , ਕਥਾ ਵਾਚਕ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ ।

ਤਰਾਂ-ਤਰਾਂ ਸਟਾਲ ਵੀ ਲੱਗਣਗੇ ☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰੀ ਕਰਨਾ ਜੀ
☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇਨਾਂ ਸਮਾਗਮਾਂ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




## ਅਕਾਲ

ਕੁਦਰਤ ਦਾ ਰਚਿਆ ਅਲੌਕਿਕ ਵਰਤਾਰਾ
ਦਿੱਸੇ ਜਿਸ ਤੋਂ ਰੱਬੀ ਜੋਤ ਦਾ ਨਜ਼ਾਰਾ।

ਬੌਧਿਕਾਂ ਨੇ ਵੀ ਨਾ ਕੋਈ ਭੇਤ ਸੁਲਝਾਇਆ
ਕਿਵੇਂ ਚਿੱਟੇ ਤਾਰਿਆਂ ਅੰਬਰ ਮਹਿਕਾਇਆ।।

ਆਪੇ ਅਕਾਲ ਮਿਹਰ ਕਰ ਸ੍ਰਿਸ਼ਟੀ ਸਜਾਈ
ਬਨਸਪਤੀ, ਪੱਸ਼ੂ ਪੰਛੀ ਤੇ ਖ਼ਲਕਤ ਵਸਾਈ।

ਪੌਣ,ਪਾਣੀ ਅਤੇ ਭੋਇ ਦੀਨ ਨੂੰ ਬਖਸ਼ੀ ਦਾਤ
ਚੰਨ,ਸੂਰਜ,ਗ੍ਰਹਿ ਸਾਜ਼ ਉਪਜਿਆ ਦਿਨ ਤੇ ਰਾਤ।।

ਸੂਰਜ ਦੇ ਗੇੜ ਲਾਉਂਦੇ ਗ੍ਰਹਿ,ਚੰਨ ਤੇ ਚਮਕਦੇ ਤਾਰੇ
ਬ੍ਰਹਿਮੰਡ ਵਿੱਚ ਦਾਤੇ ਰੱਚੇ ਸੌਰ ਮੰਡਲ ਨਿਆਰੇ।

ਪੰਜ ਭੌਤਿਕ ਸਰੀਰਾਂ ਵਿੱਚ ਆਤਮਾ ਜੋਤ ਜਗਾਈ
ਖ਼ੁਦ ਹੀ ਗੁੱਣਾਂ ਅਤੇ ਵਿਕਾਰਾਂ ਦੀ ਖੇਡ ਸਜਾਈ।।

ਚਾਰ ਪਹਿਰਾ ਦਾ ਦਿਨ ਚਾਰ ਪਹਿਰਾ ਦੀ ਰਾਤ
ਨਾਮ ਜਪੁ ਕੇ ਪਵਿੱਤਰ ਬਣਾ ਜੀਵਨ ਦੀ ਸੌਗਾਤ।

ਅਰਦਾਸ ਕਰ ਕਿਰਤ ਨੂੰ ਪਾਕ ਸਾਫ਼ ਨੇਕ ਬਣਾਈ
ਆਪਣੇ ਹੱਕ ਵਿੱਚੋਂ ਹੀ ਲੋੜਵੰਦਾਂ ਨੂੰ ਵੰਡ ਛਕਾਈ।।

**-ਡਾ. ਸੁਰਿੰਦਰਪਾਲ ਸਿੰਘ, ਸ੍ਰੀ ਅੰਮ੍ਰਿਤਸਰ ਸਾਹਿਬ।**

ਆਵਾਜ਼ਿ ਕੌਮ
Daily Newspaper from U.K.
Publisher/Chief Editor
***Raghbir Singh Walsal***
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। **-ਸੰਪਾਦਕ**

# ਜੇ ਇੰਡੀਆ ਇਕ ਹੈ ਤਾਂ ਭਗਤ ਸਿੰਘ ਨੂੰ ਪੰਜਾਬ ਵਿਚ ਦਸਤਾਰਧਾਰੀ ਅਤੇ ਹਰਿਆਣੇ ਵਿਚ ਟੋਪੀਧਾਰੀ ਕਿਉਂ ਦਿਖਾਇਆ ਜਾ ਰਿਹਾ ਹੈ ? : ਮਾਨ

**ਫ਼ਤਹਿਗੜ੍ਹ ਸਾਹਿਬ, 23 ਮਾਰਚ (ਆਵਾਜ਼ਿ ਕੌਮ ਬਿਊਰੋ)**-"ਆਮ ਆਦਮੀ ਪਾਰਟੀ ਨੇ ਸਾਰੇ ਸਰਕਾਰੀ ਦਫਤਰਾਂ ਵਿਚ ਭਗਤ ਸਿੰਘ ਦੀਆਂ ਫੋਟੋਆਂ ਟੰਗੀਆਂ ਹੋਈਆ ਹਨ । ਜਦੋਂਕਿ ਭਗਤ ਸਿੰਘ ਨੇ ਤਾਂ ਇਕ ਨਿਰਦੋਸ਼ ਅੰਗਰੇਜ਼ ਅਫਸਰ ਜੋਹਨ ਸਾਂਡਰਸ ਅਤੇ ਇਕ ਅੰਮ੍ਰਿਤਧਾਰੀ ਸਿੱਖ ਹੌਲਦਾਰ ਸ. ਚੰਨਣ ਸਿੰਘ ਨੂੰ ਗੋਲੀ ਦਾ ਨਿਸ਼ਾਨਾਂ ਬਣਾਕੇ ਮਾਰ ਦਿੱਤਾ ਸੀ । ਫਿਰ ਅਸੈਬਲੀ ਵਿਚ ਵੀ ਇਸ ਵੱਲੋ ਬੰਬ ਸੁੱਟਿਆ ਗਿਆ ਸੀ ਜੋ ਕਿ ਨਹੀ ਚੱਲਿਆ । ਨਹੀ ਤਾਂ ਬਹੁਤ ਵੱਡਾ ਨੁਕਸਾਨ ਹੋਣਾ ਸੀ । 2024-25 ਦੇ ਪਾਰਲੀਮੈਂਟ ਸੈਸਨ ਵਿਚ ਇਕ ਐਮ.ਪੀ ਨੇ ਮੈਨੂੰ ਪੁੱਛਿਆ ਸੀ ਕਿ ਬੰਬ ਕਿਥੇ ਸੁੱਟਿਆ ਸੀ ? ਇਸ ਲਈ ਇਸ ਗੱਲ ਦਾ ਹਰ ਕੀਮਤ ਤੇ ਇਕਸਾਫ ਹੋਣਾ ਚਾਹੀਦਾ ਹੈ ਕਿ ਜੋ ਭਗਤ ਸਿੰਘ ਨੇ ਬੰਬ ਸੁੱਟਿਆ ਸੀ, ਉਹ ਦਸਿਹਤਗਰਦੀ ਸੀ ਜਾਂ ਨਹੀ ?"

ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਇੰਡੀਆ ਦੇ ਮੁਤੱਸਵੀ ਹੁਕਮਰਾਨਾਂ ਨੂੰ ਸਮੁੱਚੇ ਮੁਲਕ ਨਿਵਾਸੀਆ ਦੀ ਕਚਹਿਰੀ ਵਿਚ ਖੜ੍ਹਾ ਕਰਦੇ ਹੋਏ ਉਪਰੋਕਤ ਬੰਬ ਸੁੱਟਣ ਦੀ ਘਟਨਾ ਸੰਬੰਧੀ ਕਿ ਇਹ ਉਸਨੂੰ ਦਹਿਸਤਗਰਦੀ ਮੰਨਦੇ ਹਨ ਜਾਂ ਨਹੀ, ਉਸਦਾ ਮੁਲਕ ਨਿਵਾਸੀਆ ਨੂੰ ਜੁਆਬ ਦੇਣ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਜੋ ਟ੍ਰਿਬਿਊਨ ਅਦਾਰਾ ਹੈ, ਉਹ ਦਹਿਸਤਗਰਦੀ ਨੂੰ ਗਲਤ ਸਮਝਦੀ ਹੈ । ਪਰ ਭਗਤ ਸਿੰਘ ਦੀ ਦਹਿਸਤਗਰਦੀ ਨੂੰ ਠੀਕ ਸਮਝਦੀ ਹੈ । ਇਸ ਟ੍ਰਿਬਿਊਨ ਅਦਾਰੇ ਦਾ ਵੱਖ-ਵੱਖ ਸਮਿਆ ਤੇ ਦੋਮੂੰਹੀ ਸੱਪ ਬਣਨ ਪਿੱਛੇ ਕੀ ਮਕਸਦ ਹੈ ? ਲਾਲਾ ਲਾਜਪਤ ਰਾਏ ਦੇ ਮਰਨ ਨੂੰ ਉਨ੍ਹਾਂ ਉਤੇ ਲਾਠੀਆ ਵਰਾਉਣ ਦਾ ਕਾਰਨ ਮੰਨਿਆ ਗਿਆ ਹੈ, ਜਦੋਕਿ ਅਸਲੀਅਤ ਵਿਚ ਉਹ ਦਿਲ ਦੇ ਦੌਰੇ ਨਾਲ ਮਰਿਆ ਸੀ । ਅਸੀ ਤਾਂ ਹਰ ਤਰ੍ਹਾਂ ਦੀ ਫ਼ਾਂਸੀ ਦੇ ਖਿਲਾਫ ਹਾਂ । ਇਹ ਜੋ ਵਾਰ-ਵਾਰ ਹਿੰਦੂਆਂ ਤੇ ਸਿੱਖਾਂ ਦੇ ਝਗੜੇ ਦੀ ਗੱਲ ਉਜਾਗਰ ਕੀਤੀ ਜਾ ਰਹੀ ਹੈ, ਇਹ ਝਗੜਾ ਕੀ ਹੈ ? ਸਿੱਖ ਤਾਂ ਬੇਗੁਨਾਹ ਨੂੰ ਮਾਰਨ ਦੇ ਖਿਲਾਫ ਹਨ । ਇਸਦਾ ਮਤਲਬ ਇਹ ਹੈ ਕਿ ਜੋ ਹਿੰਦੂ ਪ੍ਰੈਸ ਵੱਖ-ਵੱਖ ਸਮਿਆ ਉਤੇ ਇਕੋ ਸੋਚ ਤੇ ਮੁੱਦੇ ਉਤੇ ਵੱਖੋ ਵੱਖਰੀ ਵਿਚਾਰਧਾਰਾਂ ਕਿਉਂ ਰੱਖਦੀ ਹੈ । ਜਦੋਕਿ ਮਨੁੱਖੀ ਅਧਿਕਾਰਾਂ ਦੇ ਨਿਯਮ ਤਾਂ ਸਭ ਹਾਲਾਤਾਂ ਵਿਚ ਜ਼ਬਰ ਜੁਲਮ ਤੇ ਉਸਦੇ ਦੋਸ਼ੀਆਂ ਨੂੰ ਕਾਨੂੰਨ ਅਨੁਸਾਰ ਸਜ਼ਾ ਦੇਣ ਦੀ ਗੱਲ ਕਰਦੇ ਹਨ । ਫਿਰ ਹੁਣ ਭਗਤ ਸਿੰਘ ਦੀ ਫੋਟੋ ਸਹਿਤ ਜੋ ਹਰਿਆਣਾ ਤੇ ਪੰਜਾਬ ਸਰਕਾਰ ਨੇ ਕ੍ਰਮਵਾਰ ਦਸਤਾਰਧਾਰੀ ਸਿੱਖ ਅਤੇ ਟੋਪੀਧਾਰੀ ਹਿੰਦੂ ਦਿਖਾਇਆ ਹੈ, ਇਹ ਇੰਡੀਆ ਦੇ ਇਕੋ ਵਿਧਾਨ ਕਾਨੂੰਨ ਵਿਚ ਵੱਡਾ ਫਰਕ ਕਿਉਂ ਦਿਖਾਇਆ ਜਾ ਰਿਹਾ ਹੈ ?

ਆਵਾਜ਼ਿ ਕੌਮ AWAZE QAUM
International Newspaper & WEB TV




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਸਮਰਥਿਆ ਵੱਲੋਂ 'ਪਾਸ ਦ ਮਾਈਕ' ਨਾਲ

# 9 ਸਾਲਾਂ ਦਾ ਜਸ਼ਨ ਭਾਗੀਦਾਰੀ 'ਤੇ ਸੰਵਾਦ ਕਰਵਾਇਆ



**ਤਲਵੰਡੀ ਸਾਬੋ, 23 ਮਾਰਚ (ਗੁਰਜੰਟ ਸਿੰਘ ਨਥੇਹਾ)-** ਸਮਰਥਿਆ, ਜੋ ਸਰਕਾਰੀ ਸਕੂਲਾਂ ਵਿੱਚ ਲੋਕਾਂ ਦੀ ਭਾਗੀਦਾਰੀ ਨੂੰ ਵਧਾਉਣ ਲਈ ਕੰਮ ਕਰਦੀ ਹੈ, ਨੇ ਆਪਣੇ 9 ਸਾਲ ਪੂਰੇ ਹੋਣ 'ਤੇ "ਪਾਸ ਦ ਮਾਈਕ" ਨਾਮ ਦਾ ਇੱਕ ਦਿਨ ਦਾ ਪ੍ਰੋਗਰਾਮ ਕਰਵਾਇਆ। ਇਸ ਵਿੱਚ ਅਨੁਰਾਗ ਕੁੰਡੂ ਮੈਂਬਰ ਪੰਜਾਬ ਡਿਵੈਲਪਮੈਂਟ ਕਮਿਸ਼ਨ, ਡਾ. ਮਿਤਾਲੀ ਸੇਠੀ ਆਈਏਐਸ, ਡਿਪਟੀ ਕਮਿਸ਼ਨਰ ਮਹਾਰਾਸ਼ਟਰ ਅਤੇ ਭੋਆ ਦੇ ਸਰਪੰਚ ਸੁਨੀਲ ਦੱਤ ਸਮੇਤ ਮਾਪੇ, ਵਿਦਿਆਰਥੀ, ਪਿੰਡਾਂ ਦੇ ਨੁਮਾਇੰਦੇ, ਸਰਕਾਰੀ ਅਧਿਕਾਰੀ, ਕਲਾਕਾਰ ਅਤੇ ਸਮਾਜਿਕ ਸੰਗਠਨਾਂ ਦੇ ਲੋਕ ਸ਼ਾਮਲ ਹੋਏ। ਇਹ ਪ੍ਰੋਗਰਾਮ ਸਿਰਫ ਸੁਣਨ ਵਾਲਾ ਨਹੀਂ ਸੀ, ਸਗੋਂ ਇੱਕ ਅਨੁਭਵ ਵਾਲਾ ਦਿਨ ਸੀ। ਇਸ ਵਿੱਚ ਮੁੱਖ ਭਾਸ਼ਣ, ਪੰਜਾਬ ਦੀਆਂ ਅਸਲ ਕਹਾਣੀਆਂ 'ਤੇ ਆਧਾਰਿਤ ਨੁੱਕੜ ਨਾਟਕ, ਮਾਪਿਆਂ, ਸਕੂਲ ਮੈਨੇਜਮੈਂਟ ਕਮੇਟੀ (ਐਸਐਮਸੀ) ਮੈਂਬਰਾਂ ਅਤੇ ਵਿਦਿਆਰਥੀਆਂ ਦੀਆਂ ਆਪਣੀਆਂ ਕਹਾਣੀਆਂ 'ਤੇ ਆਧਾਰਿਤ ਚਰਚਾਵਾਂ ਹੋਈਆਂ। ਨਾਲ ਹੀ ਇਹ ਵੀ ਗੱਲ ਹੋਈ ਕਿ ਲੋਕਾਂ ਦੀ ਭਾਗੀਦਾਰੀ ਕਿਵੇਂ ਵਧਾਈ ਜਾ ਸਕਦੀ ਹੈ ਅਤੇ ਫੈਸਲੇ ਲੈਣ ਵਿੱਚ ਔਰਤਾਂ ਦੀ ਭੂਮਿਕਾ ਕਿਵੇਂ ਮਜ਼ਬੂਤ ਬਣੇ। ਖੁੱਲ੍ਹੀ ਗੱਲਬਾਤ ਅਤੇ ਸਿੱਖਣ ਵਾਲੇ ਸਟਾਲਾਂ ਨੇ ਲੋਕਾਂ ਨੂੰ ਆਪਣੇ ਵਿਚਾਰ ਸਾਂਝੇ ਕਰਨ ਦਾ ਮੌਕਾ ਦਿੱਤਾ। ਇਸ ਪ੍ਰੋਗਰਾਮ ਦੀ ਖਾਸ ਗੱਲ ਇਹ ਸੀ ਕਿ ਮਾਪਿਆਂ ਅਤੇ ਵਿਦਿਆਰਥੀਆਂ ਨੂੰ ਮੰਚ 'ਤੇ ਬੋਲਣ ਦਾ ਮੌਕਾ ਦਿੱਤਾ ਗਿਆ। ਉਨ੍ਹਾਂ ਨੂੰ ਉਹਨਾਂ ਲੋਕਾਂ ਵਜੋਂ ਦੇਖਿਆ ਗਿਆ ਜੋ ਆਪਣੇ ਸਕੂਲਾਂ ਵਿੱਚ ਬਦਲਾਅ ਲਿਆ ਰਹੇ ਹਨ। ਸਕੂਲਾਂ ਵਿੱਚ ਸੁਰੱਖਿਆ ਬਣਾਉਣ ਤੋਂ ਲੈ ਕੇ ਲੋਕਾਂ ਨੂੰ ਇਕੱਠਾ ਕਰਨ ਤੱਕ, ਉਨ੍ਹਾਂ ਦੀਆਂ ਕਹਾਣੀਆਂ ਸੱਚਾਈ ਨਾਲ ਜੁੜੀਆਂ ਹੋਈਆਂ ਸਨ। ਸਕੂਲ ਵਿੱਚ ਜੋ ਕੁਝ ਵੀ ਹੁੰਦਾ ਹੈ, ਉਹ ਬੱਚਿਆਂ ਲਈ ਹੁੰਦਾ ਹੈ ਪਰ ਅਕਸਰ ਗੱਲਬਾਤ ਵਿੱਚ ਬੱਚੇ ਹੀ ਨਹੀਂ ਹੁੰਦੇ," ਹਰਿਆਣਾ ਦੇ ਉਮੰਗ ਡੈਮੋਕ੍ਰੈਟਿਕ ਸਕੂਲ ਦੀ ਪੰਜਵੀਂ ਕਲਾਸ ਦੀ ਵਿਦਿਆਰਥਣ ਅਲੀਸ਼ ਨੇ ਕਿਹਾ। ਇਹ ਗੱਲ ਸਭ ਦੇ ਦਿਲ ਨੂੰ ਛੂਹ ਗਈ, ਕਿਉਂਕਿ ਇਹ ਸੱਚ ਹੈ ਕਿ ਅਸਲ ਬਦਲਾਅ ਤਦ ਹੀ ਆਉਂਦਾ ਹੈ ਜਦੋਂ ਜਿਨ੍ਹਾਂ 'ਤੇ ਅਸਰ ਪੈਂਦਾ ਹੈ, ਉਹਨਾਂ ਦੀ ਗੱਲ ਸੁਣੀ ਜਾਵੇ। ਇਸ ਦੌਰਾਨ ਇਹ ਵੀ ਗੱਲ ਸਾਹਮਣੇ ਆਈ ਕਿ ਛੋਟੇ ਪੱਧਰ 'ਤੇ ਚੱਲ ਰਹੀਆਂ ਪ੍ਰਣਾਲੀਆਂ ਵਿੱਚ ਕਈ ਵਾਰ ਪੈਸੇ ਜਾਂ ਕੰਮ ਵਿੱਚ ਗੜਬੜ ਦੀ ਚਿੰਤਾ ਹੁੰਦੀ ਹੈ, ਪਰ ਇਹ ਸਮੱਸਿਆ ਨਵੀਂ ਨਹੀਂ ਹੈ। ਕਈ ਵਾਰ ਇਹ ਚਿੰਤਾ ਸਿਰਫ ਇਸ ਲਈ ਦੱਸੀ ਜਾਂਦੀ ਹੈ ਕਿ ਲੋਕਾਂ ਨਾਲ ਅਧਿਕਾਰ ਸਾਂਝੇ ਨਾ ਕੀਤੇ ਜਾਣ, ਬਜਾਏ ਇਸਦੇ ਕਿ ਪ੍ਰਣਾਲੀ ਨੂੰ ਹੋਰ ਚੰਗਾ ਬਣਾਇਆ ਜਾਵੇ। ਚਾਹ, ਸਾਂਝੇ ਬੈਠਣ ਦੇ ਸਥਾਨ ਅਤੇ ਨਾਂ-ਪਲੇਟਾਂ ਵਰਗੀਆਂ ਸਧਾਰਣ ਗੱਲਾਂ ਰਾਹੀਂ ਇਜ਼ਤ ਦਿਖਾਉਂਦਿਆਂ "ਪਾਸ ਦ ਮਾਈਕ" ਨੇ ਇਹ ਸੰਦੇਸ਼ ਦਿੱਤਾ ਕਿ ਲੋਕਾਂ ਦੀ ਭਾਗੀਦਾਰੀ ਬਿਨਾਂ ਕਿਸੇ ਵੀ ਸੁਧਾਰ ਦੀ ਸ਼ੁਰੂਆਤ ਨਹੀਂ ਹੋ ਸਕਦੀ।

**ਨਾਮ ਤਖ਼ਤੀ, ਲਾਲ ਗਲੀਚਾ ਤੇ ਚਾਹ-ਪਾਣੀ: ਕੀ ਇਹੀ ਹੈ ਸੱਚੀ ਇਜ਼ਤ ?**

ਐਨ. ਸੀ. ਬੀ. ਹਿਰਾਸਤ ਵਿੱਚ ਬੀ.ਐਸ.ਐਫ. ਜਵਾਨ ਜਸਵਿੰਦਰ ਸਿੰਘ ਦੀ

# ਸ਼ੱਕੀ ਮੌਤ ਦੀ ਉੱਚ-ਪੱਧਰੀ ਨਿਆਇਕ ਜਾਂਚ ਦੀ ਮੰਗ





**ਅੰਮ੍ਰਿਤਸਰ, 23 ਮਾਰਚ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਹਿਊਮਨ ਰਾਈਟਸ ਆਰਗੇਨਾਈਜ਼ੇਸ਼ਨ ਨਾਰਕੋਟਿਕਸ ਕੰਟਰੋਲ ਬਿਊਰੋ ਦੀ ਹਿਰਾਸਤ ਵਿੱਚ ਬੀ.ਐਸ.ਐਫ. ਦੇ ਜਵਾਨ ਜਸਵਿੰਦਰ ਸਿੰਘ ਦੀ ਸ਼ੱਕੀ ਹਾਲਾਤਾਂ ਵਿੱਚ ਹੋਈ ਮੌਤ 'ਤੇ ਡੂੰਘੀ ਚਿੰਤਾ ਅਤੇ ਅਫਸੋਸ ਪ੍ਰਗਟ ਕਰਦੀ ਹੈ। ਇਹ ਘਟਨਾ ਮਨੁੱਖੀ ਅਧਿਕਾਰਾਂ ਦੀ ਘੋਰ ਉਲੰਘਣਾ ਅਤੇ ਹਿਰਾਸਤੀ ਤਸ਼ੱਦਦ ਦਾ ਗੰਭੀਰ ਮਾਮਲਾ ਜਾਪਦੀ ਹੈ।



**ਮੁੱਖ ਨੁਕਤੇ ਅਤੇ ਇਤਰਾਜ਼ :** ਨਿਯਮਾਂ ਦੀ ਉਲੰਘਣਾ: ਜੰਮੂ ਤੋਂ ਗ੍ਰਿਫਤਾਰ ਕੀਤੇ ਗਏ ਜਵਾਨ ਨੂੰ ਅੰਮ੍ਰਿਤਸਰ ਲਿਆਉਣਾ ਅਤੇ ਪਰਿਵਾਰ ਨੂੰ ਗ੍ਰਿਫਤਾਰੀ ਦੇ ਕਾਰਨਾਂ ਬਾਰੇ ਹਨੇਰੇ ਵਿੱਚ ਰੱਖਣਾ ਕਾਨੂੰਨੀ ਪ੍ਰਕਿਰਿਆਵਾਂ 'ਤੇ ਵੱਡੇ ਸਵਾਲ ਖੜ੍ਹੇ ਕਰਦਾ ਹੈ।

ਹਿਰਾਸਤੀ ਤਸ਼ੱਦਦ ਦੇ ਇਲਜ਼ਾਮ: ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਵੱਲੋਂ ਲਗਾਏ ਗਏ ਕੁੱਟਮਾਰ ਅਤੇ ਮਾਨਸਿਕ ਪ੍ਰੇਸ਼ਾਨੀ ਦੇ ਦੋਸ਼ ਬੇਹੱਦ ਗੰਭੀਰ ਹਨ। ਇੱਕ ਦੇਸ਼ ਦੀ ਸੇਵਾ ਕਰਨ ਵਾਲੇ ਜਵਾਨ ਨਾਲ ਅਜਿਹਾ ਵਤੀਰਾ ਕਿਸੇ ਵੀ ਸੱਭਿਅਕ ਸਮਾਜ ਵਿੱਚ ਪ੍ਰਵਾਨ ਨਹੀਂ ਕੀਤਾ ਜਾ ਸਕਦਾ।

**ਐਨ.ਸੀ.ਬੀ. ਦੀ ਚੁੱਪ:** ਐਨ.ਸੀ.ਬੀ. ਅਧਿਕਾਰੀਆਂ ਵੱਲੋਂ ਇਸ ਮਾਮਲੇ 'ਤੇ ਚੁੱਪ ਧਾਰੀ ਰੱਖਣੀ ਅਤੇ ਪਰਿਵਾਰ ਨੂੰ ਜਾਣਕਾਰੀ ਨਾ ਦੇਣਾ ਦਾਲ ਵਿੱਚ ਕੁਝ ਕਾਲਾ ਹੋਣ ਦਾ ਸ਼ੱਕ ਪੈਦਾ ਕਰਦਾ ਹੈ।

**PHRO ਦੀਆਂ ਮੰਗਾਂ :** ਨਿਆਇਕ ਜਾਂਚ ਇਸ ਮਾਮਲੇ ਦੀ ਜਾਂਚ ਹਾਈ ਕੋਰਟ ਦੇ ਮੌਜੂਦਾ ਜੱਜ ਦੀ ਨਿਗਰਾਨੀ ਹੇਠ ਕਰਵਾਈ ਜਾਵੇ ਤਾਂ ਜੋ ਸੱਚ ਸਾਹਮਣੇ ਆ ਸਕੇ।

ਦੋਸ਼ੀਆਂ ਖਿਲਾਫ ਕਾਰਵਾਈ: ਜੇਕਰ ਪੋਸਟਮਾਰਟਮ ਰਿਪੋਰਟ ਵਿੱਚ ਤਸ਼ੱਦਦ ਦੀ ਪੁਸ਼ਟੀ ਹੁੰਦੀ ਹੈ, ਤਾਂ ਸਬੰਧਤ ਐਨ.ਸੀ.ਬੀ. ਅਧਿਕਾਰੀਆਂ ਵਿਰੁੱਧ ਤੁਰੰਤ ਧਾਰਾ 302 (ਕਤਲ) ਤਹਿਤ ਮਾਮਲਾ ਦਰਜ ਕੀਤਾ ਜਾਵੇ।

ਵੀਡੀਓਗ੍ਰਾਫੀ ਅਤੇ ਮੈਜਿਸਟ੍ਰੇਟ ਦੀ ਨਿਗਰਾਨੀ: ਪੋਸਟਮਾਰਟਮ ਦੀ ਪੂਰੀ ਪ੍ਰਕਿਰਿਆ ਦੀ ਵੀਡੀਓਗ੍ਰਾਫੀ ਕਰਵਾਈ ਜਾਵੇ ਅਤੇ ਮਾਹਿਰ ਡਾਕਟਰਾਂ ਦੇ ਪੈਨਲ ਰਾਹੀਂ ਹੀ ਜਾਂਚ ਮੁਕੰਮਲ ਕੀਤੀ ਜਾਵੇ।

ਪਰਿਵਾਰ ਨੂੰ ਇਨਸਾਫ਼: ਮ੍ਰਿਤਕ ਦੇ ਪਰਿਵਾਰ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇ ਅਤੇ ਲਾਸ਼ ਨੂੰ ਪੂਰੇ ਸਨਮਾਨ ਸਹਿਤ ਉਨ੍ਹਾਂ ਦੇ ਜੱਦੀ ਘਰ ਪਹੁੰਚਾਉਣ ਦਾ ਪ੍ਰਬੰਧ ਕੀਤਾ ਜਾਵੇ।

PHRO ਪੀੜਤ ਪਰਿਵਾਰ ਦੇ ਨਾਲ ਖੜੀ ਹੈ ਅਤੇ ਇਸ ਮਾਮਲੇ ਨੂੰ ਮਨੁੱਖੀ ਅਧਿਕਾਰ ਕਮਿਸ਼ਨ ਤੱਕ ਲੈ ਕੇ ਜਾਵੇਗੀ ਤਾਂ ਜੋ ਜ਼ਿੰਮੇਵਾਰ ਅਧਿਕਾਰੀਆਂ ਦੀ ਜਵਾਬਦੇਹੀ ਤੈਅ ਕੀਤੀ ਜਾਵੇ ।

ਪੰਜਾਬ ਮਨੁੱਖੀ ਅਧਿਕਾਰ ਸੰਗਠਨ ਇਹ ਸਪੱਸ਼ਟ ਕਰਦਾ ਹੈ ਕਿ ਜੇਕਰ ਸਰਕਾਰ ਨੇ ਜਲਦ ਕੋਈ ਠੋਸ ਕਦਮ ਨਾ ਚੁੱਕਿਆ, ਤਾਂ ਸੰਗਠਨ ਕੌਮੀ ਅਤੇ ਕੌਮਾਂਤਰੀ ਪੱਧਰ 'ਤੇ ਮਨੁੱਖੀ ਅਧਿਕਾਰ ਕਮਿਸ਼ਨਾਂ ਤੱਕ ਪਹੁੰਚ ਕਰੇਗਾ। ਇਸ ਬਿਆਨ ਵਿਚ ਜਸਟਿਸ ਰਣਜੀਤ ਸਿੰਘ ,ਡਾ ਪਿਆਰਾ ਲਾਲ ਗਰਗ,ਸਨੀਅਰ ਵਕੀਲ ਰਾਜਵਿੰਦਰ ਸਿੰਘ ਬੈਂਸ, ਜਸਪਾਲ ਸਿੰਘ ਸਿਧੂ. ਸਰਬਜੀਤ ਸਿੰਘ ਵੇਰਕਾ,ਸ ਹਮੀਰ ਸਿੰਘ, ਮਾਲਵਿੰਦਰ ਸਿੰਘ ਮਾਲੀ ਅਤੇ ਡਾ ਖੁਸ਼ਹਾਲ ਸਿੰਘ ਨਾਮ ਸ਼ਾਮਲ ਹਨ।

**ਵੱਲੋਂ: ਡਾ.ਖੁਸ਼ਹਾਲ ਸਿੰਘ ਮੀਡੀਆ ਇੰਚਾਰਜ, ਪੰਜਾਬ ਮਨੁੱਖੀ ਅਧਿਕਾਰ ਸੰਗਠਨ (PHRO) 9316107093**

# ਬਜਟ ਵਿੱਚ ਅਣਵਰਤੀ ਰਕਮਾਂ ਤੇ ਸੁਆਲ ਅਤੇ 162 ਲੱਖ ਕਰੋੜ ਦੇ ਨਿਯੋਜਨ ਬਿੱਲ ਵਿੱਚ ਜਵਾਬਦੇਹੀ ਦੀ ਕੀਤੀ ਮੰਗ: ਵਿਕਰਮਜੀਤ ਸਿੰਘ ਸਾਹਨੀ

**ਨਵੀਂ ਦਿੱਲੀ 23 ਮਾਰਚ (ਮਨਪ੍ਰੀਤ ਸਿੰਘ ਖਾਲਸਾ):-** ਵਿੱਤ ਨਿਯੋਜਨ ਬਿੱਲ 2026 'ਤੇ ਸੰਸਦ ਵਿੱਚ ਬੋਲਦਿਆਂ , ਰਾਜ ਸਭਾ ਦੇ ਸੰਸਦ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਜ਼ੋਰ ਦੇ ਕੇ ਕਿਹਾ ਕਿ ਜਦੋਂ ਕਿ ਭਾਰਤ ਨੇ 2026-27 ਲਈ ਵੱਖ-ਵੱਖ ਮੰਤਰਾਲਿਆਂ ਨੂੰ ?162 ਲੱਖ ਕਰੋੜ ਦੀ ਵਿਸ਼ਾਲ ਰਕਮ ਅਲਾਟ ਕੀਤੀ ਹੈ, ਅਸਲ ਚੁਣੌਤੀ ਇਨ੍ਹਾਂ ਫੰਡਾਂ ਦੀ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਵਰਤੋਂ ਨੂੰ ਯਕੀਨੀ ਬਣਾਉਣ ਵਿੱਚ ਹੈ। ਡਾ. ਸਾਹਨੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭੂ-ਰਾਜਨੀਤਿਕ ਤਣਾਅ ਅਤੇ ਵਧਦੀਆਂ ਈਂਧਨ ਦੀਆਂ ਕੀਮਤਾਂ ਦੁਆਰਾ ਦਰਸਾਏ ਗਏ ਮੌਜੂਦਾ ਵਿਸ਼ਵਵਿਆਪੀ ਦ੍ਰਿਸ਼ ਵਿੱਚ, ਕੇਂਦਰੀ ਬਜਟ ਨੂੰ ਨਾਗਰਿਕਾਂ ਲਈ ਇੱਕ ਢਾਲ ਵਜੋਂ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਿਰਫ਼ ਵੰਡ ਕਾਫ਼ੀ ਨਹੀਂ ਹੈ ਅਤੇ "ਫਾਸਟ÷, ਅਧੀਨ ਅਲਾਟ ਫੰਡ ਸਬੰਧੀ ਕੀਤੇ ਗਏ ਖਰਚ ਅਤੇ ਟਰੈਕ ਕੀਤੇ ਗਏ ਫੰਡਾਂ ਦੇ ਸ਼ਾਸਨ ਬਾਰੇ ਇੱਕ ਮੰਤਰ ਦਾ ਪ੍ਰਸਤਾਵ ਦਿੱਤਾ, ਤਾਂ ਜੋ ਨੀਤੀਗਤ ਵਾਅਦਿਆਂ ਅਤੇ ਡਿਲੀਵਰੀ ਵਿਚਕਾਰ ਪਾੜੇ ਨੂੰ ਪੂਰਾ ਕੀਤਾ ਜਾ ਸਕੇ। ਡਾ. ਸਾਹਨੀ ਨੇ ਮੰਤਰਾਲਿਆਂ ਵਿੱਚ ਫੰਡਾਂ ਦੀ ਵਰਤੋਂ ਬਾਰੇ ਤਿਮਾਹੀ ਸਮੀਖਿਆਵਾਂ ਅਤੇ ਸਮਰਪਿਤ ਕਿਸਾਨ ਅਤੇ ਯੁਵਾ ਕਮਿਸ਼ਨ ਕਾਇਮ ਕਰਨ ਦਾ ਪ੍ਰਸਤਾਵ ਰੱਖਿਆ। ਮੁੱਖ ਖੇਤਰਾਂ 'ਤੇ ਧਿਆਨ ਕੇਂਦਰਿਤ ਕਰਦੇ ਹੋਏ, ਡਾ. ਸਾਹਨੀ ਨੇ ਖੇਤੀਬਾੜੀ, ਸਿੱਖਿਆ ਅਤੇ ਰੁਜ਼ਗਾਰ ਵਿੱਚ ਘੱਟ ਵਰਤੋਂ ਅਤੇ ਖੜੋਤ ਬਾਰੇ ਗੰਭੀਰ ਚਿੰਤਾਵਾਂ ਜ਼ਾਹਰ ਕੀਤੀਆਂ। ਉਨ੍ਹਾਂ ਦੱਸਿਆ ਕਿ ਖੇਤੀਬਾੜੀ ਬਜਟ ਵਿੱਚ ਦੋ ਸਾਲਾਂ ਵਿੱਚ ਸਿਰਫ 627 ਕਰੋੜ ਰੁਪਏ ਦਾ ਮਾਮੂਲੀ ਵਾਧਾ ਹੋਇਆ ਹੈ, ਜੋ ਕਿ ਮਹਿੰਗਾਈ ਦੇ ਹਿਸਾਬ ਨਾਲ ਐਡਜਸਟ ਕਰਨ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਕਟੌਤੀ ਦੇ ਬਰਾਬਰ ਹੈ। ਸਿੱਖਿਆ ਵਿੱਚ, ਸਮਗਰ ਸਿੱਖਿਆ, ਪੀਐਮ ਪੋਸ਼ਣ, ਅਤੇ ਪੀਐਮ ਸ਼੍ਰੀ ਵਰਗੀਆਂ ਯੋਜਨਾਵਾਂ ਲਈ ਰੱਖੇ ਗਏ ਹਜ਼ਾਰਾਂ ਕਰੋੜ ਰੁਪਏ ਖਰਚ ਨਹੀਂ ਕੀਤੇ ਗਏ, ਭਾਵੇਂ ਕਿ 2 ਕਰੋੜ ਤੋਂ ਵੱਧ ਬੱਚੇ ਸਕੂਲ ਤੋਂ ਬਾਹਰ ਹਨ ਅਤੇ ਹਜ਼ਾਰਾਂ ਸਰਕਾਰੀ ਸਕੂਲਾਂ ਵਿੱਚ ਨਾ-ਮਾਤਰ ਜਾਂ ਜ਼ੀਰੋ ਵਿਦਿਆਰਥੀ ਹਨ। ਰੁਜ਼ਗਾਰ ਬਾਰੇ, ਉਨ੍ਹਾਂ ਕਿਹਾ ਕਿ ਸਟਾਰਟਅੱਪ ਇੰਡੀਆ, ਸਟੈਂਡ ਅੱਪ ਇੰਡੀਆ ਅਤੇ ਮੇਕ ਇਨ ਇੰਡੀਆ ਵਰਗੀਆਂ ਪ੍ਰਮੁੱਖ ਪਹਿਲਕਦਮੀਆਂ ਦੇ ਬਾਵਜੂਦ, ਜ਼ਮੀਨੀ ਪੱਧਰ 'ਤੇ ਪ੍ਰਭਾਵ ਸੀਮਤ ਰਹਿੰਦਾ ਹੈ, ਉਤਪਾਦਨ ਅਜੇ ਵੀ ਜੀਡੀਪੀ ਦੇ ਲਗਭਗ 16% ਹੈ ਅਤੇ ਨੌਜਵਾਨਾਂ ਨੂੰ 70% ਮੁਦਰਾ ਕਰਜ਼ਾ ?50,000 ਤੋਂ ਵੀ ਘੱਟ ਹੈ - ਜੋ ਕਿ ਅਰਥਪੂਰਨ ਉੱਦਮਤਾ ਲਈ ਨਾਕਾਫ਼ੀ ਹੈ। ਸਿਹਤ ਸੰਭਾਲ ਅਤੇ ਸਮਾਜਿਕ ਖੇਤਰਾਂ ਬਾਰੇ ਟਿੱਪਣੀ ਕਰਦੇ ਹੋਏ, ਡਾ. ਸਾਹਨੀ ਨੇ ਜ਼ੋਰ ਦੇ ਕੇ ਕਿਹਾ ਕਿ 'ਵਿਕਸਤ ਭਾਰਤ' 'ਸਵਸਥ ਭਾਰਤ' ਤੋਂ ਬਿਨਾਂ ਸੰਭਵ ਨਹੀਂ ਹੈ, ਉਹਨਾਂ ਨੇ ਸਿਹਤ ਖਰਚ ਵਿੱਚ ਕਮੀ ਅਤੇ ਪ੍ਰਦੂਸ਼ਣ ਨਾਲ ਸਬੰਧਤ ਮੌਤਾਂ 'ਤੇ ਵੀ ਚਿੰਤਾ ਪ੍ਰਗਟ ਕੀਤੀ । ਇਹ ਯਕੀਨੀ ਬਣਾਉਣਾ ਕਿ ਨਿਰਧਾਰਤ ਫੰਡ ਲੋੜੀਂਦੇ ਲਾਭਪਾਤਰੀਆਂ ਤੱਕ ਪਹੁੰਚਣ, ਇੱਕ ਸਮੂਹਿਕ ਜ਼ਿੰਮੇਵਾਰੀ ਦੱਸਦੇ ਹੋਏ, ਉਨ੍ਹਾਂ ਸਰਕਾਰ ਨੂੰ ਇੱਕ ਸੀਏਆਰਈ ਪਹੁੰਚ ਅਪਣਾਉਣ , ਵਚਨਬੱਧਤਾ, ਵੰਡ, ਪ੍ਰਾਪਤੀ ਅਤੇ ਅਮਲ ਯਕੀਨੀ ਬਣਾਉਣ ਦੀ ਅਪੀਲ ਕੀਤੀ।



# ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਵਿੱਚ ਦੇਸ਼ ਦੇ ਹੀਰੋ ਸਹੀਦਾਂ ਨੂੰ ਸਰਧਾਂਜਲੀ ਭੇਟ ਕੀਤੀ ਗਈ

**ਸ਼ਹੀਦਾਂ ਦੇ ਦਰਸਾਏ ਰਸਤੇ ਤੇ ਚੱਲ ਕੇ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਡਾ: ਮੰਗਲ ਸਿੰਘ ਕਿਸ਼ਨਪੁਰੀ**



**ਜੰਡਿਆਲਾ ਗੁਰੂ, 23 ਮਾਰਚ ( ਕੁਲਵੰਤ ਸਿੰਘ ਵਿਰਦੀ )-** ਅੱਜ ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਸਾਡੇ ਦੇਸ਼ ਦੇ ਹੀਰੋ, ਸੁਤੰਤਰਤਾ ਸੰਗਰਾਮੀ, ਆਜ਼ਾਦੀ ਦੇ ਪਰਵਾਨੇ, ਦੇਸ਼ ਦੀ ਆਜ਼ਾਦੀ ਲਈ ਜਾਨਾਂ ਵਾਰਨ ਵਾਲੇ ਸ਼ਹੀਦ ਭਗਤ ਸਿੰਘ, ਸ਼ਿਵ ਰਾਮ ਰਾਜਗੁਰੂ ਅਤੇ ਸੁਖਦੇਵ ਥਾਪਰ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਉਨਾਂ ਦੀ ਬਹਾਦਰੀ ਦੇਸ਼ ਭਗਤੀ ਅਤੇ ਨਿਡਰਤਾ ਸਾਡੇ ਲਈ ਹਮੇਸ਼ਾ ਪ੍ਰੇਰਨਾ ਦਾ ਸਰੋਤ ਰਹੇਗੀ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ:ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਕਿਹਾ ਕਿ ਸ਼ਹੀਦਾਂ ਦੀ ਕੁਰਬਾਨੀ ਸਾਨੂੰ ਦੇਸ਼ ਪ੍ਰਤੀ ਸੱਚੀ ਨਿਸ਼ਠਾ ,ਅਨੁਸ਼ਾਸਨ ਅਤੇ ਏਕਤਾ ਦਾ ਪਾਠ ਪੜਾਉਂਦੀ ਹੈ। ਸਾਨੂੰ ਸ਼ਹੀਦਾਂ ਦੇ ਦਰਸਾਏ ਰਸਤੇ ਤੇ ਚੱਲ ਕੇ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਦੇਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਆਓ ਅਸੀਂ ਸਭ ਇਹ ਸੰਕਲਪ ਕਰੀਏ ਕਿ ਅਸੀਂ ਸ਼ਹੀਦਾਂ ਦੇ ਸੁਪਨਿਆਂ ਦਾ ਭਾਰਤ ਬਣਾਉਣ ਲਈ ਇਮਾਨਦਾਰੀ ਅਤੇ ਮਿਹਨਤ ਨਾਲ ਆਪਣਾ ਯੋਗਦਾਨ ਦੇਵਾਂਗੇ। ਇਸ ਮੌਕੇ ਤੇ ਪ੍ਰਿੰਸੀਪਲ ਡਾ: ਅਮਰਪ੍ਰੀਤ ਕੌਰ ਜੀ ਨੇ ਕਿਹਾ ਕਿ ਆਓ ਅਸੀਂ ਆਪਣੇ ਬੱਚਿਆਂ ਨੂੰ ਵੀ ਸ਼ਹੀਦਾਂ ਦੀ ਜੀਵਨੀ ਤੋਂ ਜਾਣੂ ਕਰਾਈਏ ਕਿਤੇ ਅਜਿਹਾ ਨਾ ਹੋਵੇ ਕਿ ਸਾਡੀ ਆਉਣ ਵਾਲੀ ਪੀੜੀ ਸ਼ਹੀਦਾਂ ਦੀ ਕੁਰਬਾਨੀ ਨੂੰ ਭੁੱਲ ਹੀ ਜਾਏ।। ਉਹਨਾਂ ਕਿਹਾ ਕਿ ਵਿਦਿਆਰਥੀਆਂ ਨੂੰ ਸ਼ਹੀਦਾਂ ਦੀ ਜ਼ਿੰਦਗੀ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ ਅਤੇ ਸੱਚਾਈ, ਹਿੰਮਤ ਅਤੇ ਦੇਸ਼ ਭਗਤੀ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣਾ ਚਾਹੀਦਾ ਹੈ। ਸੇਂਟ ਸੋਲਜਰ ਸਕੂਲ ਦੀ ਮੈਨੇਜਮੈਂਟ ਅਤੇ ਸਮੂਹ ਸਟਾਫ ਨੇ ਸ਼ਹੀਦਾਂ ਨੂੰ ਫੁੱਲ ਅਰਪਿਤ ਕਰਕੇ ਆਪਣੀ ਸੱਚੀ ਸ਼ਰਧਾਂਜਲੀ ਦਿੱਤੀ। ਸੇਂਟ ਸੋਲਜਰ ਸਕੂਲ ਵੱਲੋਂ ਸਾਰੇ ਸ਼ਹੀਦਾਂ ਨੂੰ ਕੋਟਿ ਕੋਟਿ ਪ੍ਰਣਾਮ ਅਤੇ ਸਲਾਮ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਹਰਿਆਣਾ ਕਮੇਟੀ ਮੈਂਬਰ ਬਿੰਦਰ ਸਿੰਘ ਕਾਲਾਂਵਾਲੀ ਦੀ ਵਾਅਦਾ ਖਿਲਾਫ਼ੀ ਵਿਰੁੱਧ

# ਕਾਲਾਂਵਾਲੀ ਪਿੰਡ ਵਾਲਿਆਂ ਨੇ ਜਥੇਦਾਰ ਦਾਦੂਵਾਲ ਨਾਲ ਕੀਤੀ ਮੁਲਾਕਾਤ






**ਵਿਸ਼ੇਸ਼ ਰਿਪੋਰਟ • ਆਵਾਜ਼ਿ ਕੌਮ**



ਕਾਲਾਂਵਾਲੀ ਪਿੰਡ ਦੇ ਨਗਰ ਨਿਵਾਸੀਆਂ ਵਲੋਂ ਅੱਜ ਵੱਡੀ ਗਿਣਤੀ ਵਿੱਚ ਭਾਈ ਬਿੰਦਰ ਸਿੰਘ 35 ਨੰਬਰ ਵਾਰਡ ਕਾਲਾਂਵਾਲੀ ਤੋਂ ਮੈਂਬਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਮੈਂਬਰ ਅਕਾਲ ਪੰਥਕ ਮੋਰਚਾ ਖਿਲਾਫ਼ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਵਿਖੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਜਥੇਦਾਰ ਦਾਦੂਵਾਲ ਜੀ ਦੇ ਸਹਾਇਕ ਭਾਈ ਜਗਮੀਤ ਸਿੰਘ ਬਰਾੜ ਨੇ ਦੱਸਿਆ ਕੇ ਕਾਲਾਂਵਾਲੀ ਪਿੰਡ ਵਾਲਿਆਂ ਨੇ ਜਥੇਦਾਰ ਦਾਦੂਵਾਲ ਜੀ ਨੂੰ ਦੱਸਿਆ ਕੇ ਭਾਈ ਬਿੰਦਰ ਸਿੰਘ ਮੈਂਬਰ ਜੋ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਕਾਲਾਂਵਾਲੀ ਦਾ ਪ੍ਰਧਾਨ ਵੀ ਹੈ ਇਸ ਨੇ ਪਿੰਡ ਤੋਂ ਚੋਰੀ ਛਿਪੇ ਗੁਰਦੁਆਰਾ ਸਾਹਿਬ ਉੱਪਰ ਕਬਜ਼ਾ ਕਰਨ ਦੀ ਨੀਅਤ ਦੇ ਨਾਲ ਚਾਰ ਵਿਅਕਤੀ ਨੂੰ ਹੋਰ ਨਾਲ ਲੈ ਕੇ ਮਿਤੀ 5 ਦਸੰਬਰ 2024 ਨੂੰ ਇੱਕ ਨਿੱਜੀ ਟਰਸੱਟ ਬਣਾ ਕੇ ਕਾਲਾਂਵਾਲੀ ਤਹਿਸੀਲ ਵਿੱਚ ਰਜਿਸਟਰਡ ਕਰਵਾ ਲਿਆ ਸੀ ਜਿਸ ਦਾ ਕਈ ਮਹੀਨੇ ਬਾਅਦ ਵਿੱਚ ਪਿੰਡ ਵਾਸੀਆਂ ਨੂੰ ਪਤਾ ਲੱਗਾ ਤਾਂ ਪਿੰਡ ਵਾਸੀਆਂ ਨੇ ਬਾਬਾ ਗੁਰਮੀਤ ਸਿੰਘ ਤਿਲੋਕੇਵਾਲਾ ਕੋਲ ਉਨਾਂ ਦੇ ਗੁਰਦੁਆਰਾ ਨਿਰਮਲਸਰ ਵਿੱਚ ਕੁੱਝ ਮਹੀਨੇ ਪਹਿਲਾਂ ਪੰਚਾਇਤੀ ਇਕੱਠ ਕਰਕੇ ਬਿੰਦਰ ਸਿੰਘ ਮੈਂਬਰ ਨੂੰ ਪੰਚਾਇਤ ਵਿੱਚ ਪੁੱਛਿਆ ਕੇ ਉਸਨੇ ਪਿੰਡ ਤੋਂ ਚੋਰੀ ਅਜਿਹਾ ਕੰਮ ਕਿਉਂ ਕੀਤਾ ਤਾਂ ਬਿੰਦਰ ਸਿੰਘ ਮੈਂਬਰ ਨੇ ਆਪਣੀ ਗਲਤੀ ਨੂੰ ਸਵੀਕਾਰ ਕੀਤਾ ਅਤੇ ਪਿੰਡ ਤੋਂ ਚੋਰੀ ਛਿਪੇ ਬਣਾਏ ਨਿੱਜੀ ਟਰਸੱਟ ਨੂੰ ਰੱਦ ਕਰਵਾਉਣ ਦਾ ਸਿੱਖ ਸੰਗਤ ਨਾਲ ਵਾਅਦਾ ਕੀਤਾ ਪਰ ਸਿੱਖ ਸੰਗਤ ਨਗਰ ਨਿਵਾਸੀਆਂ ਨਾਲ ਵਾਅਦਾ ਖਿਲਾਫੀ ਕਰਦਿਆਂ ਕਈ ਮਹੀਨੇ ਬੀਤ ਜਾਣ ਦੇ ਬਾਅਦ ਅਜੇ ਤੱਕ ਵੀ ਬਿੰਦਰ ਸਿੰਘ ਮੈਂਬਰ ਵਲੋਂ ਇਸ ਟਰਸੱਟ ਨੂੰ ਰੱਦ ਨਹੀਂ ਕਰਵਾਇਆ ਗਿਆ ਤਾਂ ਅੱਜ ਨਗਰ ਨਿਵਾਸੀ ਕਾਲਾਂਵਾਲੀ ਦੇ ਸਾਬਕਾ ਸਰਪੰਚ ਅਜੈਬ ਸਿੰਘ,ਗੁਰਦੁਆਰਾ ਦੂਖ ਨਿਵਾਰਨ ਸਾਹਿਬ ਦੇ ਸਾਬਕਾ ਪ੍ਰਧਾਨ ਹਰਬੰਸ ਸਿੰਘ,ਮਹਿੰਦਰ ਸਿੰਘ ਚਹਿਲ,ਨੰਬਰਦਾਰ ਰਜਿੰਦਰ ਸਿੰਘ,ਨੌਜਵਾਨ ਯਾਦਵਿੰਦਰ ਸਿੰਘ ਦੀ ਅਗਵਾਈ ਵਿੱਚ ਵੱਡੀ ਗਿਣਤੀ ਚ ਕਾਲਾਂਵਾਲੀ ਦੀਆਂ ਸਿੱਖ ਸੰਗਤਾਂ ਨੇ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਵਿਖੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਕੋਲ ਪਹੁੰਚ ਕੀਤੀ ਅਤੇ ਭਾਈ ਬਿੰਦਰ ਸਿੰਘ ਮੈਂਬਰ ਵੱਲੋਂ ਪਿੰਡ ਤੋਂ ਚੋਰੀ ਬਣਾਏ ਗਏ ਟਰਸੱਟ ਨੂੰ ਰੱਦ ਕਰਵਾਉਣ ਵਾਸਤੇ ਅਪੀਲ ਕੀਤੀ ਤੇ ਕਿਹਾ ਕੇ ਭਾਈ ਬਿੰਦਰ ਸਿੰਘ ਮੈਂਬਰ ਪਿੰਡ ਤਿਲੋਕੇਵਾਲਾ ਵਿਖੇ ਬਾਬਾ ਗੁਰਮੀਤ ਸਿੰਘ ਦੀ ਹਾਜ਼ਰੀ ਵਿੱਚ ਕਾਲਾਂਵਾਲੀ ਪਿੰਡ ਦੀਆਂ ਸਿੱਖ ਸੰਗਤਾਂ ਨਾਲ ਕੀਤੇ ਵਾਅਦੇ ਤੋਂ ਮੁੱਕਰ ਰਿਹਾ ਹੈ ਅਤੇ ਟਰਸੱਟ ਰੱਦ ਕਰਨ ਵਿੱਚ ਰੁਕਾਵਟਾਂ ਪਾ ਰਿਹਾ ਹੈ ਸਾਨੂੰ ਪਿੰਡ ਵਾਸੀਆਂ ਨੂੰ ਇਸ ਗੱਲ ਦੀ ਆਸ ਨਹੀਂ ਸੀ ਕੇ ਪਿੰਡ ਦਾ ਮੁੰਡਾ ਪਿੰਡ ਵਾਸੀਆਂ ਨਾਲ ਇਸ ਤਰਾਂ ਦਾ ਧੋਖਾ ਕਰੇਗਾ ਇਸ ਲਈ ਸਾਡੀ ਪਿੰਡ ਵਾਸੀਆਂ ਦੀ ਅਪੀਲ ਸਵੀਕਾਰ ਕਰਕੇ ਟਰਸੱਟ ਰੱਦ ਕਰਵਾਉਣ ਵਿੱਚ ਸਾਡੀ ਮੱਦਦ ਕੀਤੀ ਜਾਵੇ ਜਥੇਦਾਰ ਦਾਦੂਵਾਲ ਜੀ ਨੇ ਕਾਲਾਂਵਾਲੀ ਪਿੰਡ ਦੀਆਂ ਸੰਗਤਾਂ ਦੀ ਅਪੀਲ ਸੁਣਕੇ ਮੱਦਦ ਦਾ ਭਰੋਸਾ ਦਿੱਤਾ ਜਥੇਦਾਰ ਦਾਦੂਵਾਲ ਜੀ ਕੋਲ ਪੁੱਜੀਆਂ ਸਿੱਖ ਸੰਗਤਾਂ ਵਿੱਚ ਉਪਰੋਕਤ ਤੋਂ ਇਲਾਵਾ ਮਲਕੀਤ ਸਿੰਘ,ਰਮਨਦੀਪ ਸਿੰਘ,ਕਾਲਾ ਸਿੰਘ,ਗੁਰਦੀਪ ਸਿੰਘ,ਜੱਸਾ ਸਿੰਘ,ਹਰਪ੍ਰੀਤ ਸਿੰਘ ਚਹਿਲ,ਯਾਦਵਿੰਦਰ ਸਿੰਘ,ਸ਼ਿਵ ਸਿੰਘ,ਰਸ਼ਪਾਲ ਸਿੰਘ,ਗੁਰਦੇਵ ਸਿੰਘ,ਜਗਸੀਰ ਸਿੰਘ,ਕਾਲਾ ਸਿੰਘ ਟਾਹਲੀਆਂ ਵਾਲਾ,ਜੱਗੀ ਸਿੰਘ,ਗੁਰਦੀਪ ਸਿੰਘ ਬੱਬੂ,ਦਰਸ਼ਨ ਸਿੰਘ,ਜੀਵਨ ਸਿੰਘ,ਗੁਰਸੇਵਕ ਸਿੰਘ,ਕਾਕਾ ਸਿੰਘ ਮੈਂਬਰ ਸਮੇਤ ਵੱਡੀ ਗਿਣਤੀ ਵਿੱਚ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਜੰਡਿਆਲਾ ਗੁਰੂ ਵਿੱਚ ਜਲਦ ਤਿਆਰ ਹੋਵੇਗਾ ਐਸਟੀਪੀ (ਸੀਵਰੇਜ ਟ੍ਰੀਟਮੈਂਟ ਪਲਾਂਟ)

# 24.13 ਕਰੋੜ ਦੇ ਪ੍ਰੋਜੈਕਟ ਦਾ 70 ਫ਼ੀਸਦੀ ਕੰਮ ਮੁਕੰਮਲ ਹੋਇਆ

**ਜੰਡਿਆਲਾ ਗੁਰੂ, 23 ਮਾਰਚ ( ਕੁਲਵੰਤ ਸਿੰਘ ਵਿਰਦੀ )**- ਜੰਡਿਆਲਾ ਗੁਰੂ ਸ਼ਹਿਰ ਵਿੱਚ ਪਹਿਲਾ ਸੀਵਰੇਜ ਟ੍ਰੀਟਮੈਂਟ ਪਲਾਂਟ ਇਸ ਸਾਲ ਮਈ ਦੇ ਅਖੀਰ ਤੱਕ ਤਿਆਰ ਹੋਣ ਦੀ ਸੰਭਾਵਨਾ ਹੈ। ਪੰਜਾਬ ਵਾਟਰ ਸਪਲਾਈ ਐਂਡ ਸੀਵਰੇਜ ਬੋਰਡ ਵੱਲੋਂ 24.13 ਕਰੋੜ ਰੁਪਏ ਦੀ ਲਾਗਤ ਨਾਲ 6 ਐਮਐਲਡੀ ਸਮਰੱਥਾ ਦਾ ਪਲਾਂਟ ਬਣਾਇਆ ਜਾ ਰਿਹਾ ਹੈ, ਜਿਸ ਨਾਲ 17 ਐਮਐਲਡੀ ਦਾ ਪੰਪਿੰਗ ਸਟੇਸ਼ਨ ਵੀ ਤਿਆਰ ਕੀਤਾ ਜਾ ਰਿਹਾ ਹੈ।ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਇਸ ਪ੍ਰੋਜੈਕਟ ਦੀ ਪ੍ਰਗਤੀ ਦਾ ਰਿਵਿਊ ਕਰਨ ਤੋਂ ਬਾਅਦ ਦੱਸਿਆ ਕਿ ਇਸ ਪ੍ਰੋਜੈਕਟ ਦਾ ਕਰੀਬ 70 ਫੀਸਦੀ ਕੰਮ ਮੁਕੰਮਲ ਹੋ ਚੁੱਕਾ ਹੈ ਅਤੇ ਮਈ ਤੱਕ ਇਸਨੂੰ ਪੂਰਾ ਕਰਨ ਦਾ ਟੀਚਾ ਰੱਖਿਆ ਗਿਆ ਹੈ। ਉਹਨਾਂ ਕਿਹਾ ਕਿ ਪਲਾਂਟ ਚਾਲੂ ਹੋਣ ਤੋਂ ਬਾਅਦ ਸ਼ਹਿਰ ਦਾ ਗੰਦਲਾ ਪਾਣੀ ਟ੍ਰੀਟ ਕਰਕੇ ਖੇਤਾਂ ਵਿੱਚ ਸਿੰਚਾਈ ਲਈ ਵਰਤਿਆ ਜਾਵੇਗਾ, ਜਦਕਿ





ਇਸ ਵੇਲੇ ਇਹ ਪਾਣੀ ਬਰਸਾਤੀ ਨਾਲਿਆਂ ਵਿੱਚ ਵਗ ਰਿਹਾ ਹੈ।ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਦੱਸਿਆ ਕਿ ਇਸ ਪ੍ਰੋਜੈਕਟ ਦੀ ਸ਼ੁਰੂਆਤ ਦਸੰਬਰ 2024 ਵਿੱਚ ਹੋਈ ਸੀ।ਪਲਾਂਟ ਵਿੱਚ ਐਮਬੀਬੀਆਰ ਟੈਕਨਾਲੋਜੀ, ਕਲੋਰੀਨੇਸ਼ਨ ਕਾਂਟੈਕਟ ਟੈਂਕ ਅਤੇ ਪ੍ਰਾਇਮਰੀ ਟ੍ਰੀਟਮੈਂਟ ਯੂਨਿਟ ਵਰਗੀਆਂ ਆਧੁਨਿਕ ਸਹੂਲਤਾਂ ਸ਼ਾਮਲ ਹਨ ਉਹਨਾਂ ਕਿਹਾ ਕਿ ਐਸਟੀਪੀ ਬਣਨ ਨਾਲ ਗੰਦਾ ਪਾਣੀ ਸਿੱਧਾ ਨਾਲਿਆਂ ਵਿੱਚ ਜਾਣ ਤੋਂ ਰੁਕੇਗਾ, ਜਿਸ ਨਾਲ ਵਾਤਾਵਰਣ ਦੀ ਸੰਭਾਲ ਹੋਵੇਗੀ। ਅਗਲੇ ਪੜਾਅ ਵਿੱਚ ਇਹ ਟ੍ਰੀਟਡ ਪਾਣੀ ਕਿਸਾਨਾਂ ਦੇ ਖੇਤਾਂ ਤੱਕ ਪਹੁੰਚਾਇਆ ਜਾਵੇਗਾ ਉਹਨਾਂ ਦੱਸਿਆ ਕਿ ਸ਼ਹਿਰ ਦੀ ਲਗਭਗ 35 ਹਜ਼ਾਰ ਆਬਾਦੀ ਇਸ ਪ੍ਰੋਜੈਕਟ ਨਾਲ ਲਾਭਾਨਵਿਤ ਹੋਵੇਗੀ। ਇਸ ਨਾਲ ਨਾ ਸਿਰਫ ਪ੍ਰਦੂਸ਼ਣ ਘਟੇਗਾ, ਸਗੋਂ ਸਿੰਚਾਈ ਲਈ ਇੱਕ ਵਧੀਆ ਵਿਕਲਪ ਵੀ ਮਿਲੇਗਾ।

# ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਮੌਕੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ ਵੱਲੋਂ ਸ਼ਰਧਾਂਜਲੀ



**ਜੰਡਿਆਲਾ ਗੁਰੂ, 23 ਮਾਰਚ ( ਕੁਲਵੰਤ ਸਿੰਘ ਵਿਰਦੀ )** — ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਮੌਕੇ ਜੰਡਿਆਲਾ ਗੁਰੂ ਦਫ਼ਤਰ ਵਿਖੇ ਪੰਜਾਬ ਦੇ ਮਾਣਯੋਗ ਕੈਬਨਿਟ ਮੰਤਰੀ ਸਰਦਾਰ ਹਰਭਜਨ ਸਿੰਘ ਈ.ਟੀ.ਓ. ਜੀ ਵੱਲੋਂ ਮਹਾਨ ਸ਼ਹੀਦਾਂ ਨੂੰ ਨਮਨ ਕਰਦੇ ਹੋਏ ਸੱਚੀ ਸ਼ਰਧਾਂਜਲੀ ਭੇਂਟ ਕੀਤੀ ਗਈ।ਇਸ ਮੌਕੇ ਉਹਨਾਂ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੀ ਕੁਰਬਾਨੀ ਸਾਡੀ ਕੌਮ ਲਈ ਸਦਾ ਪ੍ਰੇਰਣਾ ਦਾ ਸਰੋਤ ਰਹੇਗੀ। ਦੇਸ਼ ਦੀ ਆਜ਼ਾਦੀ ਲਈ ਦਿੱਤੀਆਂ ਗਈਆਂ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ ਅਤੇ ਨੌਜਵਾਨ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਤੋਂ ਪ੍ਰੇਰਣਾ ਲੈ ਕੇ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ।÷, ਉਨ੍ਹਾਂ ਨੇ ਅੱਗੇ ਕਿਹਾ।ਇਸ ਮੌਕੇ 'ਆਪ' ਪਾਰਟੀ ਦੇ ਸੀਨੀਅਰ ਆਗੂ ਚੇਅਰਮੈਨ ਸੂਬੇਦਾਰ ਛਨਾਖ ਸਿੰਘ, ਐਡਵੋਕੇਟ ਰਾਜ ਕੁਮਾਰ ਮਲਹੋਤਰਾ, ਸਰਦਾਰ ਸਰਬਜੀਤ ਸਿੰਘ ਡਿੰਪੀ (ਸ਼ਹਿਰੀ ਪ੍ਰਧਾਨ), ਸੁਨੈਣਾ ਰੰਧਾਵਾ (ਮਹਿਲਾ ਵਿੰਗ ਹਲਕਾ ਕੋਆਰਡੀਨੇਟਰ) ਅਤੇ ਸੁਨੀਲ ਪਾਸੀ (ਪ੍ਰਧਾਨ ਦਾਣਾ ਮੰਡੀ ਜੰਡਿਆਲਾ ਗੁਰੂ) ਸਮੇਤ ਹੋਰ ਆਗੂ ਅਤੇ ਵਰਕਰ ਵੀ ਹਾਜ਼ਿਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਹਠੂਰ ਦੀ ਗ੍ਰਾਮ ਪੰਚਾਇਤ ਵੱਲੋਂ ਅੱਗ ਦੀ ਤਬਾਹੀ ਨਾਲ ਨੁਕਸਾਨੇ ਗਏ ਕਰਿਆਨਾ ਸਟੋਰ ਅਤੇ ਮਕਾਨ ਮਾਲਕਾਂ ਦੀ ਕੀਤੀ ਮਦਦ

## ਐੱਨ.ਆਰ.ਆਈ.ਵੀਰ ਅਤੇ ਨਗਰ ਦੇ ਲੋਕ ਮਦਦ ਲਈ ਅੱਗੇ ਆਉਣ -ਸਰਪੰਚ ਨਿੱਪਾ ਹਠੂਰ





**ਜਗਰਾਉਂ (ਵਰਿਆਮ ਹਠੂਰ)**-ਇਤਿਹਾਸਕ ਕਸਬਾ ਹਠੂਰ ਵਿਖੇ ਲੰਘੀ ਸ਼ਨੀਵਾਰ ਦੀ ਰਾਤ ਇੱਕ ਵੱਡੇ ਮਨੀ ਕਰਿਆਨਾ ਸਟੋਰ ਨੂੰ ਭਿਆਨਕ ਅੱਗ ਲੱਗਣ ਕਾਰਨ ਜਿੱਥੇ ਜਾਣਕਾਰੀ ਅਨੁਸਾਰ ਤਕਰੀਬਨ ਬਿਲਡਿੰਗ ਸਮੇਤ 1 ਕਰੋੜ 80 ਲੱਖ ਦਾ ਮਨੀ ਕਰਿਆਨਾ ਸਟੋਰ ਵਾਲਿਆਂ ਦਾ ਵੱਡਾ ਨੁਕਸਾਨ ਹੋਇਆ, ਜ਼ਿਕਰਯੋਗ ਹੈ। ਕਿ ਅੱਗ ਤੇ ਕਾਬੂ ਪਾਉਣ ਲਈ ਫਾਇਰ ਬ੍ਰਿਗੇਡ ਦੀਆਂ ਕਈ ਗੱਡੀਆਂ ਪਹੁੰਚੀਆਂ ਤੇ ਉਸ ਰਾਤ ਕਰੀਬ 2 ਵਜੇ ਭਿਆਨਕ ਅੱਗ ਤੇ ਕਾਬੂ ਪਾਇਆ, ਤੇ ਅੱਗ ਦੀ ਤਬਾਹੀ ਨਾਲ ਸਭ ਕੁਝ ਨਸ਼ਟ ਹੋ ਗਿਆ, ਤੇ ਪੂਰੀ ਬਿਲਡਿੰਗ ਵੀ ਨੁਕਸਾਨੀ ਗਈ, ਤੇ ਉੱਥੇ ਨਾਲ ਲਗਦਾ ਇੱਕ ਮਕਾਨ ਵੀ ਨੁਕਸਾਨਿਆ ਗਿਆ, ਜਿਸ ਵਿੱਚ ਵੀ ਵੱਡੀਆਂ ਤਰੇੜਾਂ ਆ ਗਈਆਂ, ਗ੍ਰਾਮ ਪੰਚਾਇਤ ਹਠੂਰ ਸਮੇਤ ਨਗਰ ਅਤੇ ਇਸ ਪਾਸ ਦੇ ਲੋਕਾਂ ਨੇ ਹਮਦਰਦੀ ਕਰਦਿਆਂ ਇਸ ਘਟਨਾਂ ਨੂੰ ਮੰਦਭਾਗੀ ਘਟਨਾ ਦੱਸਿਆ। ਅੱਜ ਕਸਬਾ ਹਠੂਰ ਦੇ ਸਰਪੰਚ ਅਤੇ ਗ੍ਰਾਮ ਪੰਚਾਇਤ ਹਠੂਰ ਵੱਲੋਂ ਪਰਿਵਾਰਾਂ ਨਾਲ ਹਮਦਰਦੀ ਕਰਦਿਆਂ ਜਿੱਥੇ ਮਨੀ ਕਰਿਆਨਾ ਸਟੋਰ ਵਾਲਿਆਂ ਦੀ ਇੱਕ ਲੱਖ ਰੁਪਏ ਦੀ ਮਦਦ ਕੀਤੀ ਉੱਥੇ ਮਨੀ ਕਰਿਆਨਾ ਸਟੋਰ ਦੇ ਨਾਲ ਲਗਦੇ ਨੁਕਸਾਨੇ ਗਏ ਮਕਾਨ ਨੂੰ ਵੇਖਦਿਆਂ ਰਾਮ ਸਿੰਘ ਪੁੱਤਰ ਬਲਵਿੰਦਰ ਸਿੰਘ ਦੇ ਪਰਿਵਾਰ ਨੂੰ ਪੰਜਾਹ ਹਜ਼ਾਰ ਰੁਪਏ ਦੀ ਮਦਦ ਕੀਤੀ, ਇਸ ਮੌਕੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਨੇ ਕਿਹਾ ਕਿ ਭਿਆਨਕ ਅੱਗ ਦੇ ਮੰਜ਼ਰ ਕਾਰਨ ਮਨੀ ਕਰਿਆਨਾ ਸਟੋਰ ਦਾ ਬਹੁਤ ਵੱਡਾ ਨੁਕਸਾਨ ਹੋਇਆ ਹੈ। ਤੇ ਨਾਲ ਲਗਦਾ ਮਕਾਨ ਵੀ ਨੁਕਸਾਨਿਆ ਗਿਆ, ਇਸ ਨੂੰ ਵੇਖਦਿਆਂ ਸਮੂਹ ਐੱਨ ਆਰ ਆਈ ਵੀਰਾਂ ਅਤੇ ਨਗਰ ਦੇ ਲੋਕਾਂ ਨੂੰ ਅਪੀਲ ਹੈ। ਕਿ ਜਿੰਨ੍ਹਾਂ ਵੀ ਹੋ ਸਕੇ ਇੰਨ੍ਹਾਂ ਦੀ ਮਦਦ ਲਈ ਨਾਲ ਖੜੀਏ ਅਤੇ ਆਪਣੇ ਵਿੱਤ ਅਨੁਸਾਰ ਅੱਗੇ ਆਈਏ, ਇਸ ਮੌਕੇ ਹਾਕੀ ਕੋਚ ਪ੍ਰੀਤਮ ਸਿੰਘ, ਜਥੇਦਾਰ ਹਰਪ੍ਰੀਤ ਸਿੰਘ ਖਾਲਸਾ, ਪੰਚ ਮੁਖਤਿਆਰ ਸਿੰਘ, ਹਰੀਸ਼ ਜੋਸ਼ੀ, ਪੰਚ ਮੁਖਤਿਆਰ ਸਿੰਘ ਕਲੇਰ, ਪੰਚ ਜੋਧਾ, ਅਮਨਾ ਵਾਸੀ, ਸਮੇਤ ਹੋਰ ਪਤਵੰਤੇ ਸੱਜਣ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

### ਸਿਆਟਲ ਖਾਲਿਸਤਾਨ ਰੈਫਰੰਡਮ ਵੋਟਿੰਗ ਵਿਚ 27 ਹਜਾਰ ਤੋਂ ਵੱਧ ਵੋਟਿੰਗ

# 16 ਅਗਸਤ ਨੂੰ ਇੰਡਿਆਪੋਲਸ ਅਤੇ 18 ਅਕਤੂਬਰ ਨੂੰ ਐਡਮੰਟਨ ਵਿਖ਼ੇ ਅਗਲੇ ਪੜਾਅ ਦੀ ਹੋਵੇਗੀ ਵੋਟਿੰਗ





**ਨਵੀਂ ਦਿੱਲੀ 23 ਮਾਰਚ (ਮਨਪ੍ਰੀਤ ਸਿੰਘ ਖਾਲਸਾ):-** ਭਾਰਤ ਦੇ ਵਿਰੋਧ ਅਤੇ ਵਿਦੇਸ਼ਾਂ ਵਿੱਚ ਸਿੱਖ ਆਗੂਆਂ ’ਤੇ ਹਮਲਿਆਂ ਨੂੰ ਲੈ ਕੇ ਵਧ ਰਹੇ ਵਿਸ਼ਵਵਿਆਪੀ ਤਣਾਅ ਦੇ ਬਾਵਜੂਦ, ਅਮਰੀਕਾ ਨੇ ਸਿਆਟਲ ਵਿੱਚ ਖਾਲਿਸਤਾਨ ਰਾਏਸ਼ੁਮਾਰੀ ਨੂੰ ਅੱਗੇ ਵਧਣ ਦੀ ਇਜਾਜ਼ਤ ਦੇ ਦਿੱਤੀ। ਸਿੱਖਸ ਫਾਰ ਜਸਟਿਸ ਦੁਆਰਾ ਆਯੋਜਿਤ ਵਿਸ਼ਵਵਿਆਪੀ ਲਹਿਰ ਦੇ ਹਿੱਸੇ ਵਜੋਂ ਹਜ਼ਾਰਾਂ ਸਿੱਖ ਆਪਣੀਆਂ ਵੋਟਾਂ ਪਾਉਣ ਲਈ ਇਕੱਠੇ ਹੋਏ ਹਨ ਅਤੇ 27 ਹਜਾਰ ਤੋਂ ਵੱਧ ਵੋਟਾਂ ਪਾਈਆਂ ਗਈਆਂ । ਵੋਟਿੰਗ ਅਧਿਕਾਰਤ ਤੌਰ ’ਤੇ ਐਤਵਾਰ ਸਵੇਰੇ 9 ਵਜੇ ਸਥਾਨਕ ਸਮੇਂ ਅਨੁਸਾਰ ਸ਼ੁਰੂ ਹੋਈ, ਪ੍ਰਬੰਧਕਾਂ ਨੇ ਇਹ ਯਕੀਨੀ ਬਣਾਇਆ ਕਿ ਹਾਜ਼ਰੀਨ ਲਈ ਭੋਜਨ ਅਤੇ ਰਿਫਰੈਸ਼ਮੈਂਟ ਸਮੇਤ ਸਾਰੀਆਂ ਜ਼ਰੂਰੀ ਸਹੂਲਤਾਂ ਪ੍ਰਦਾਨ ਕੀਤੀਆਂ ਗਈਆਂ। ਕੈਨੇਡਾ ਤੋਂ ਉਚੇਚੇ ਤੌਰ ਤੇ ਪੁੱਜੇ ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਗੁਰਮੀਤ ਸਿੰਘ ਤੂਰ ਨੇ ਦਸਿਆ ਕਿ ਸਿਆਟਲ ਵਿੱਚ ਰਾਏਸ਼ੁਮਾਰੀ, ਸ਼ਹਿਰ ਵਿੱਚ ਆਪਣੀ ਕਿਸਮ ਦਾ ਪਹਿਲਾ ਜਨਮਤ ਸੰਗ੍ਰਹਿ ਹੈ, ਦੀ ਅਗਵਾਈ ਗੁਰਪਤਵੰਤ ਸਿੰਘ ਪਨੂੰ ਅਤੇ ਜਲਾਵਤਨੀ ਭਾਈ ਪਰਮਜੀਤ ਸਿੰਘ ਪੰਮਾ ਕਰ ਰਹੇ ਹਨ, ਜਿਨ੍ਹਾਂ ਨੇ ਪੰਜਾਬ ਦੇ ਇਤਿਹਾਸਕ ਲਚਕੀਲੇਪਣ ’ਤੇ ਜ਼ੋਰ ਦਿੱਤਾ ਅਤੇ ਇੱਕ ਪਰਿਵਰਤਨਸ਼ੀਲ ਭਵਿੱਖ ਵਿੱਚ ਵਿਸ਼ਵਾਸ ਪ੍ਰਗਟ ਕੀਤਾ। ਉਨ੍ਹਾਂ ਦਸਿਆ ਡਾਊਨਟਾਊਨ ਸਿਆਟਲ ਨੂੰ ਖਾਲਿਸਤਾਨੀ ਝੰਡਿਆਂ ਨਾਲ ਸਜਾਇਆ ਗਿਆ, ਜਿਸ ਨਾਲ ਇੱਕ ਜੋਸ਼ੀਲਾ ਮਾਹੌਲ ਪੈਦਾ ਹੋਇਆ ਕਿਉਂਕਿ ਭਾਗੀਦਾਰ ਵੱਡੀ ਗਿਣਤੀ ਵਿੱਚ ਆਪਣੀ ਵੋਟ ਪਾਉਣ ਲਈ ਪਹੁੰਚੇ। ਇਹ ਪ੍ਰੋਗਰਾਮ ਦੁਨੀਆ ਭਰ ਵਿੱਚ 23 ਨਵੰਬਰ 2025 ਨੂੰ ਓਟਾਵਾ, ਅਤੇ ਨਾਲ ਹੀ ਲੰਡਨ, ਟੋਰਾਂਟੋ, ਵੈਨਕੂਵਰ, ਰੋਮ ਅਤੇ ਜੇਨੇਵਾ ਸਮੇਤ ਪਿਛਲੇ ਜਨਮਤ ਸੰਗ੍ਰਹਿ ਤੋਂ ਬਾਅਦ ਹੋਇਆ ਹੈ। ਉਨ੍ਹਾਂ ਦਸਿਆ ਕਿ ਦੁਨੀਆ ਭਰ ਵਿੱਚ ਲੱਖਾਂ ਸਿੱਖਾਂ ਨੇ ਖਾਲਿਸਤਾਨ ਦੇ ਹੱਕ ਵਿੱਚ ਪਿਛਲੀਆਂ ਵੋਟਾਂ ਵਿੱਚ ਹਿੱਸਾ ਲਿਆ ਹੈ, ਜੋ ਭਾਈਚਾਰੇ ਦੀ ਨਿਰੰਤਰ ਅੰਤਰਰਾਸ਼ਟਰੀ ਲਾਮਬੰਦੀ ਨੂੰ ਉਜਾਗਰ ਕਰਦਾ ਹੈ। ਉਨ੍ਹਾਂ ਕਿਹਾ ਭਾਰਤ ਨੂੰ ਵਿਦੇਸ਼ਾਂ ਵਿੱਚ ਸਿੱਖ ਆਗੂਆਂ ਨੂੰ ਨਿਸ਼ਾਨਾ ਬਣਾਉਣ ਦੇ ਦੋਸ਼ਾਂ ਦਾ ਸਾਹਮਣਾ ਕਰਨਾ ਪਿਆ ਹੈ, ਜਿਸ ਵਿੱਚ 2023 ਵਿੱਚ ਕੈਨੇਡਾ ਵਿੱਚ ਹਰਦੀਪ ਸਿੰਘ ਨਿੱਝਰ ਦੀ ਹੱਤਿਆ ਵੀ ਸ਼ਾਮਲ ਹੈ। ਜਿਸ ਕਰਕੇ ਅਜਿਹੀਆਂ ਘਟਨਾਵਾਂ ਨੇ ਭਾਰਤੀ ਰਾਜ ਅਤੇ ਵਿਸ਼ਵਵਿਆਪੀ ਸਿੱਖ ਪ੍ਰਵਾਸੀਆਂ ਵਿਚਕਾਰ ਤਣਾਅ ਵਧਾ ਦਿੱਤਾ ਹੈ, ਪ੍ਰਬੰਧਕਾਂ ਨੇ ਜਨਮਤ ਸੰਗ੍ਰਹਿ ਪ੍ਰਤੀ ਭਾਰਤ ਦੀ ਦੱਸੀ ਉਦਾਸੀਨਤਾ ’ਤੇ ਸਵਾਲ ਉਠਾਏ ਹਨ। ਇਸ ਮੌਕੇ ਗੁਰਪਤਵੰਤ ਸਿੰਘ ਪਨੂੰ ਅਤੇ ਭਾਈ ਪਰਮਜੀਤ ਸਿੰਘ ਪੰਮਾ ਨੇ ਜ਼ੋਰ ਦੇ ਕੇ ਕਿਹਾ, ਅਸੀਂ ਮੌਤ ਤੋਂ ਨਹੀਂ ਡਰਦੇ, ਅਤੇ ਸਾਡਾ ਮੰਨਣਾ ਹੈ ਕਿ ਪੰਜਾਬ ਦੇ ਰੋਧਕ ਇਤਿਹਾਸ ਦੇ ਕਾਰਨ, ਅਗਲੇ 10 ਤੋਂ 15 ਸਾਲਾਂ ਵਿੱਚ ਭਾਰਤ ਦਾ ਨਕਸ਼ਾ ਬਦਲ ਜਾਵੇਗਾ ਅਤੇ ਸਿੱਖਾਂ ਦਾ ਵੱਖਰਾ ਮੁੱਲਕ ਨਜ਼ਰ ਆਏਗਾ। ਉਨ੍ਹਾਂ ਦਸਿਆ ਰੈਫਰੰਡਮ ਦੇ ਅਗਲੇ ਪੜਾਅ ਦੇ ਵੋਟ 16 ਅਗਸਤ ਨੂੰ ਇੰਡਿਆਪੋਲਸ ਅਤੇ 18 ਅਕਤੂਬਰ ਨੂੰ ਐਡਮੰਟਨ ਵਿਖ਼ੇ ਕਰਵਾਣ ਦਾ ਐਲਾਨ ਕੀਤਾ ਗਿਆ ਹੈ। ਇਸ ਮੌਕੇ ਭਾਈ ਗੁਰਬਖਸ਼ੀਸ਼ ਸਿੰਘ ਸੰਧੂ, ਭਾਈ ਅਵਤਾਰ ਸਿੰਘ ਪਨੂੰ, ਭਾਈ ਸਰਬਜੀਤ ਸਿੰਘ ਸਾਬੀ, ਭਾਈ ਅਵਤਾਰ ਸਿੰਘ ਖਹਿਰਾ, ਭਾਈ ਨਰਿੰਦਰ ਸਿੰਘ ਰੰਧਾਵਾ ਅਤੇ ਭਾਈ ਗੁਰਮੀਤ ਸਿੰਘ ਤੂਰ ਸਮੇਤ ਵਡੀ ਗਿਣਤੀ ਵਿਚ ਸਿੱਖਸ ਫ਼ਾਰ ਜਸਟਿਸ ਦੇ ਕਾਰਕੁਨ ਪੁੱਜੇ ਹੋਏ ਸਨ।

# ਮੁੱਖ ਮੰਤਰੀ ਦਫ਼ਤਰ ਧੂਰੀ ਵਿਖੇ ਭਗਤ ਸਿੰਘ, ਰਾਜਗੁਰੂ, ਸੁਖਦੇਵ ਨੂੰ ਕੀਤੀ ਸਰਧਾਂਜਲੀ ਭੇਂਟ



**ਧੂਰੀ ( ਰਣਜੀਤ ਸਿੰਘ ਪੇਧਨੀ )-** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਧੂਰੀ ਦਫਤਰ ਵਿਖੇ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਸਿੰਘ ਦੀ ਨਿੱਘੀ ਮਿੱਠੀ ਯਾਦ ਨੂੰ ਤਾਜ਼ਾ ਕਰਦਿਆਂ ਸਰਧਾਂਜਲੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਇੰਚਾਰਜ ਮੁੱਖ ਮੰਤਰੀ ਦਫ਼ਤਰ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ,ਦਲਵੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ, ਚੇਅਰਮੈਨ ਅਸ਼ੋਕ ਕੁਮਾਰ ਸਿੰਗਲਾ ਲੱਖਾਂ, ਸਤਿੰਦਰ ਸਿੰਘ ਚੱਠਾ ਪ੍ਰਧਾਨ ਐਫ ਸੀ ਆਈ ਟਰੇਡ ਯੂਨੀਅਨ ਭਾਰਤ, ਰਣਯੋਧ ਸਿੰਘ ਕਾਂਝਲਾ ਚੇਅਰਮੈਨ ਬਲਾਕ ਸੰਮਤੀ ਧੂਰੀ, ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ, ਸਰਪੰਚ ਅੰਮ੍ਰਿਤ ਚਹਿਲ ਘਨੌਰੀ ਮੈਂਬਰ ਜਿਲ੍ਹਾ ਪ੍ਰੀਸ਼ਦ, ਅਨਿਲ ਮਿੱਤਲ ਧੂਰੀ ,ਜਗਸੀਰ ਸਿੰਘ ਜੱਗਾ ਭੋਜੋਵਾਲੀ ਪ੍ਰਧਾਨ ਪੰਚਾਇਤ ਯੂਨੀਅਨ ਧੂਰੀ, ਲਾਭ ਸਿੰਘ ਜਿਲ੍ਹਾ ਪ੍ਰਧਾਨ ਐਸਸੀ ਵਿੰਗ, ਪਰਮਜੀਤ ਸਿੰਘ ਕਾਂਝਲਾ, ਪੁਸ਼ਿਪੰਦਰ ਸ਼ਰਮਾ, ਭੁਪਿੰਦਰ ਸਿੰਘ ਐਮਸੀ, ਹਰਪ੍ਰੀਤ ਸਿੰਘ ਭਲਵਾਨ ਮੈਂਬਰ ਬਲਾਕ ਸੰਮਤੀ, ਅਵਤਾਰ ਖਾਨ ਸਕੱਤਰ ਆਪ, ਜਿਊਣ ਸਿੰਘ ਐਮਸੀ, ਸਰਪੰਚ ਗੋਗਾ ਦੁਗਨੀ, ਸਰਪੰਚ ਭਗਵਾਨ ਸਿੰਘ ਭਲਵਾਨ, ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ, ਸਰਪੰਚ ਦਲਵੀਰ ਸਿੰਘ ਧੰਦੀਵਾਲ, ਸਰਪੰਚ ਸੁਖਚੈਨ ਸਿੰਘ ਮੂਲੋਂਵਾਲ, ਸਰਪੰਚ ਜਸਵੀਰ ਦਾਸ ਢਢੋਗਲ, ਮਨਪ੍ਰੀਤ ਸਿੰਘ ਢਢੋਗਲ, ਸੁਖਦੇਵ ਬਮਾਲ, ਸੁਰਜੀਤ ਸਿੰਘ ਰਾਜੋਮਾਜਰਾ, ਅਰਸ ਧੂਰੀ, ਸਰਪੰਚ ਦਵਿੰਦਰ ਸਿੰਘ ਧੂਰਾ, ਸਰਪੰਚ ਹਰਜੀਤ ਸਿੰਘ ਬੁਗਰਾ, ਮਾਣਾ ਗਰੇਵਾਲ, ਬੇਅੰਤ ਸਿੰਘ ਖੇੜੀ ਜੱਟਾਂ, ਹਰਦੀਪ ਸਿੰਘ ਧੂਰੀ, ਭਰਭੂਰ ਸਿੰਘ ਢਢੋਗਲ, ਮਿਲਖ ਰਾਜ ਧੂਰੀ, ਸੁਖਪਾਲ ਸਿੰਘ ਪਾਲਾ ਹਾਜ਼ਰ ਸਨ।

# ਵਾਹਿਗੁਰੂ ਦਾ ਸਿਮਰਨ ਕਰਨ ਨਾਲ ਦੁੱਖ ਦੂਰ ਹੁੰਦੇ ਹਨ : ਸੰਤ ਬਾਬਾ ਸੁੱਖਾ ਸਿੰਘ ਜੋਤੀਸਰ ਜੰਡਿਆਲਾ ਗੁਰੂ ਵਾਲੇ



**ਚੌਕ ਮਹਿਤਾ 23 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)-** ਸੰਤ ਬਾਬਾ ਸੁੱਖਾ ਸਿੰਘ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਗੁਰਦੁਆਰਾ ਜੋਤੀ ਸਰ ਸ਼ਿਮਲਾ ਵਾਲਿਆਂ ਨੇ ਧਾਰਮਿਕ ਸਮਾਗਮ ਦੌਰਾਨ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਨ ਦੀ ਪ੍ਰੇਰਣਾ ਦਿੰਦਿਆਂ ਕਿਹਾ ਕਿ ਮਨੁੱਖੀ ਜੀਵਨ ਵਿੱਚ ਆਉਣ ਵਾਲੇ ਦੁੱਖ-ਕਲੇਸ਼ਾਂ ਤੋਂ ਮੁਕਤੀ ਪਾਉਣ ਲਈ ਵਾਹਿਗੁਰੂ ਦੇ ਨਾਮ ਦਾ ਸਿਮਰਨ ਬਹੁਤ ਜ਼ਰੂਰੀ ਹੈ। ਉਨ੍ਹਾਂ ਦੱਸਿਆ ਜੋ ਵਿਅਕਤੀ ਸੱਚੇ ਦਿਲ ਨਾਲ ਨਾਮ ਜਪਦਾ ਹੈ, ਉਸ ਦੇ ਮਨ ਨੂੰ ਸ਼ਾਂਤੀ ਮਿਲਦੀ ਹੈ ਅਤੇ ਜੀਵਨ ਸੁਖਮਈ ਬਣਦਾ ਹੈ। ਸੰਤ ਬਾਬਾ ਸੁੱਖਾ ਸਿੰਘ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਗੁਰਦੁਆਰਾ ਜੋਤੀਸਰ ਸ਼ਿਮਲਾ ਵਾਲਿਆਂ ਨੇ ਸੰਗਤਾਂ ਨੂੰ ਨਸ਼ਿਆਂ ਅਤੇ ਬੁਰਾਈਆਂ ਤੋਂ ਦੂਰ ਰਹਿ ਕੇ ਗੁਰੂ ਦੇ ਦਰਸਾਏ ਮਾਰਗ ’ਤੇ ਚੱਲਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਗੁਰਬਾਣੀ ਸਾਨੂੰ ਸਹੀ ਜੀਵਨ ਜੀਣ ਦੀ ਰਾਹ ਦਿਖਾਉਂਦੀ ਹੈ ਅਤੇ ਸਮਾਜ ਵਿੱਚ ਪਿਆਰ ਤੇ ਭਾਈਚਾਰੇ ਦੀ ਭਾਵਨਾ ਪੈਦਾ ਕਰਦੀ ਹੈ। ਇਸ ਮੌਕੇ ਤੇ ਉਨ੍ਹਾਂ ਦੇ ਸੇਵਾਦਾਰਾਂ ਹਾਜ਼ਰ ਸਨ।

## ਤਿੰਨ ਸੂਰਮੇ



ਭਾਰਤ ਮਾਂ ਦੀ ਖ਼ਾਤਰ
ਜਾਨ ਦੀ ਬਾਜ਼ੀ ਲਾ ਗਏ ਜੋ
ਆਪਣੇ ਆਪ ਸਿਰ ਝੁਕੇ ਉਨ੍ਹਾਂ ਦੇ
ਜਜ਼ਿਬਆਂ ਅੱਗੇ ਜੀ।

ਵਖ਼ਤ ਸ਼ੇਰਾਂ ਨੇ ਪਾਤਾ ਸੀ
ਅੰਗਰੇਜ਼ ਹਕੂਮਤ ਨੂੰ
ਭਾਰਤ ਛੱਡਕੇ ਭੱਜੇ ਐਂਵੇਂ ਨੀ
ਗੋਰੇ ਬੱਗੇ ਜੀ।

ਇਨਕਲਾਬ ਤੇ ਜ਼ਿੰਦਾਬਾਦ ਦੇ
ਲਾਕੇ ਨਾਅਰਿਆਂ ਨੂੰ।
ਜ਼ਮੀਰ ਜ਼ਿਨ੍ਹਾਂ ਦੀ ਜਾਗਦੀ
ਓਹੀ ਫ਼ਾਂਸੀ ਲਟਕਦੇ ਨੇ।

ਰਾਜਗੁਰੂ, ਸੁਖਦੇਵ, ਭਗਤ ਸਿੰਘ
ਤਿੰਨੇ ਸੂਰਮੇ ਉਹ
ਗੁਰਮੇਲ ਭੱਟੀਆ ਸਦਾ ਹੀ ਸਾਡੇ
ਦਿੱਲਾਂ ’ਚ ਧੜਕਦੇ ਨੇ।



**-ਲੇਖਕ: ਗੁਰਮੇਲ ਭੱਟੀ, ਕੌਰੇਆਣਾ**
**ਸੰਪਰਕ: 9876684438**

# ਅੰਮ੍ਰਿਤਸਰ ਵਿੱਚ ਨਸ਼ਾ ਤਸਕਰੀ ਮਾਡਿਊਲ ਦੇ ਦੋ ਕਾਰਕੁੰਨ 5 ਕਿਲੋ ਹੈਰੋਇਨ ਸਮੇਤ ਗ੍ਰਿਫਤਾਰ

## ਅਗਲੇਰੀ ਜਾਂਚ ਜਾਰੀ ; ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਉਮੀਦ-ਡੀ ਜੀ ਪੀ ਗੌਰਵ ਯਾਦਵ




**ਚੰਡੀਗੜ੍ਹ/ਅੰਮ੍ਰਿਤਸਰ, 23 ਮਾਰਚ: ( ਕੁਲਵੰਤ ਸਿੰਘ ਵਿਰਦੀ )** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ’ਤੇ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਤਹਿਤ ਕਾਊਂਟਰ ਇੰਟੈਲੀਜੈਂਸ (ਸੀ.ਆਈ.) ਅੰਮ੍ਰਿਤਸਰ ਨੇ ਨਸ਼ਾ ਤਸਕਰੀ ਕਰਨ ਵਾਲੇ ਮਾਡਿਊਲ ਦੇ ਦੋ ਕਾਰਕੁੰਨਾਂ ਨੂੰ 5 ਕਿਲੋ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਇਸ ਗਿਰੋਹ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਸਾਂਝੀ ਕੀਤੀ ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਖੱਟਰਾਏ ਖੁਰਦ ਦੇ ਰਹਿਣ ਵਾਲੇ ਮਨਿੰਦਰ ਸਿੰਘ ਅਤੇ ਅੰਮ੍ਰਿਤਸਰ ਦੇ ਫਿਰਵਾੜੀਆ ਦੇ ਰਹਿਣ ਵਾਲੇ ਗੁਰਜੰਟ ਸਿੰਘ ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਤੋਂ ਇਲਾਵਾ ਮੁਲਜ਼ਮਾਂ ਦੀ ਹੈਚਬੈਕ ਹੁੰਡਈ ਆਈ-20 ਕਾਰ (ਨੰਬਰ -ਪੀਬੀ10 ਜੀਐਚ 0140), ਨੂੰ ਵੀ ਜ਼ਬਤ ਕੀਤਾ ਹੈ, ਜਿਸਦੀ ਵਰਤੋਂ ਉਹ ਖੇਪਾਂ ਲਿਆਉਣ-ਲਿਜਾਣ ਲਈ ਕਰਦੇ ਸਨ ।ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਪਾਕਿਸਤਾਨ ਅਧਾਰਤ ਤਸਕਰ ਅਤੇ ਸਰਹੱਦ ਪਾਰੋਂ ਖੇਪਾਂ ਸਪਲਾਈ ਕਰਨ ਵਾਲੇ ਇੱਕ ਵਿਦੇਸ਼ੀ ਹੈਂਡਲਰ ਦੇ ਸੰਪਰਕ ਵਿੱਚ ਸਨ ।ਇਸ ਆਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਕਿਹਾ ਕਿ ਸੀ.ਆਈ. ਅੰਮ੍ਰਿਤਸਰ ਦੀਆਂ ਪੁਲਿਸ ਟੀਮਾਂ ਨੂੰ ਪੁਖ਼ਤਾ ਇਤਲਾਹ ਮਿਲੀ ਸੀ ਕਿ ਇੱਕ ਵਿਦੇਸ਼ੀ ਵਿਅਕਤੀ ਪਾਕਿਸਤਾਨ ਅਧਾਰਤ ਨਸ਼ਾ ਤਸਕਰ ਦੇ ਸੰਪਰਕ ਵਿੱਚ ਹੈ ਅਤੇ ਉਹ ਦੋਵੇਂ ਮਿਲ ਕੇ ਆਪਣੇ ਪੰਜਾਬ-ਅਧਾਰਤ ਸਾਥੀਆਂ, ਮਨਿੰਦਰ ਸਿੰਘ ਅਤੇ ਗੁਰਜੰਟ ਸਿੰਘ, ਦੀ ਮਦਦ ਨਾਲ ਸੂਬੇ ਵਿੱਚ ਨਸ਼ਾ ਤਸਕਰੀ ਦਾ ਨੈੱਟਵਰਕ ਚਲਾ ਰਹੇ ਹਨ ।ਉਨ੍ਹਾਂ ਦੱਸਿਆ ਕਿ ਜਾਣਕਾਰੀ ਤੋਂ ਅੱਗੇ ਪਤਾ ਲੱਗਾ ਹੈ ਕਿ ਦੋਵਾਂ ਕਾਰਕੁੰਨਾਂ ਨੂੰ ਆਪਣੇ ਹੈਂਡਲਰ ਤੋਂ ਨਸ਼ੀਲੇ ਪਦਾਰਥਾਂ ਦੀ ਖੇਪ ਪ੍ਰਾਪਤ ਹੋਈ ਸੀ, ਜਿਸਨੂੰ ਕਿਸੇ ਹੋਰ ਪਾਰਟੀ ਤੱਕ ਪਹੁੰਚਾਉਣ ਲਈ ਉਹ ਆਪਣੀ ਆਈ-20 ਕਾਰ ’ਤੇ ਜ਼ਿਲ੍ਹਾ ਅੰਮ੍ਰਿਤਸਰ ਦੇ ਅਜਨਾਲਾ ਖੇਤਰ ਦੇ ਪਿੰਡ ਧਾਰੀਵਾਲ ਆ ਰਹੇ ਹਨ। ਡੀਜੀਪੀ ਨੇ ਕਿਹਾ ਕਿ ਇਸ ’ਤੇ ਫੌਰੀ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਇਸ ਜਗ੍ਹਾ ਦੇ ਆਲੇ-ਦੁਆਲੇ ਨਾਕੇ ਲਗਾਏ ਅਤੇ ਦੋਵਾਂ ਸ਼ੱਕੀਆਂ ਨੂੰ ਰੋਕ ਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 5 ਕਿਲੋ ਹੈਰੋਇਨ ਬਰਾਮਦ ਕੀਤੀ। ਇਸ ਸੰਬਧੀ ਹੋਰ ਜਾਂਚ ਜਾਰੀ ਹੈ ।ਇਸ ਸਬੰਧ ਵਿੱਚ ਐਫਆਈਆਰ ਨੰਬਰ 18 ਮਿਤੀ 21-03-2026 ਨੂੰ ਪੁਲਿਸ ਸਟੇਸ਼ਨ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ, ਅੰਮ੍ਰਿਤਸਰ ਵਿਖੇ ਐਨਡੀਪੀਐਸ ਐਕਟ ਦੀ ਧਾਰਾ 21, 25 ਅਤੇ 29 ਤਹਿਤ ਕੇਸ ਦਰਜ ਕੀਤਾ ਗਿਆ ਹੈ।

### ਪੰਜਾਬ 'ਚ ਸੱਤਾਧਾਰੀਆਂ ਦੀ ਧੱਕੇਸ਼ਾਹੀ ਬਰਦਾਸ਼ਤ ਨਹੀਂ, ਗਗਨਦੀਪ ਸਿੰਘ ਰੰਧਾਵਾ ਮਾਮਲੇ 'ਚ

# ਬਾਪੂ ਤਰਸੇਮ ਸਿੰਘ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੋਂ ਅਸਤੀਫੇ ਦੀ ਮੰਗ





**ਅੰਮ੍ਰਿਤਸਰ, 23 ਮਾਰਚ (ਆਵਾਜ਼ਿ ਕੌਮ ਬਿਊਰੋ)**-ਅੱਜ ਵੇਅਰਹਾਊਸ ਅੰਮ੍ਰਿਤਸਰ ਦੇ ਸਵਰਗੀ ਐਮ.ਡੀ. ਸ੍ਰ ਗਗਨਦੀਪ ਸਿੰਘ ਰੰਧਾਵਾ ਦੇ ਗ੍ਰਹਿ ਪਹੁੰਚ ਕੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਨੇ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਸੀਨੀਅਰ ਲੀਡਰਸ਼ਿਪ ਸਮੇਤ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਬਾਬਾ ਬਿਬੇਕ ਸਿੰਘ, ਭਾਈ ਬਲਦੇਵ ਸਿੰਘ ਜੱਲੂਪੁਰ ਅਤੇ ਸੁਖਚੈਨ ਸਿੰਘ ਜੱਲੂਪੁਰ ਵੀ ਮੌਜੂਦ ਸਨ।ਪਰਿਵਾਰ ਨਾਲ ਦੁੱਖ ਸਾਂਝਾ ਕਰਨ ਉਪਰੰਤ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਗਗਨਦੀਪ ਸਿੰਘ ਰੰਧਾਵਾ ਦੀ ਮੌਤ ਕੋਈ ਆਮ ਘਟਨਾ ਨਹੀਂ, ਸਗੋਂ ਪੰਜਾਬ ਵਿੱਚ ਵੱਧ ਰਹੀ ਸੱਤਾ ਦੀ ਧੱਕੇਸ਼ਾਹੀ ਅਤੇ ਜ਼ਬਰ ਦਾ ਕੌੜਾ ਸੱਚ ਹੈ, ਜਿਸ ਨੇ ਪੂਰੇ ਪ੍ਰਸ਼ਾਸਕੀ ਸਿਸਟਮ ਦੀ ਨਾਕਾਮੀ ਨੂੰ ਬੇਨਕਾਬ ਕੀਤਾ ਹੈ। ਉਨ੍ਹਾਂ ਕਿਹਾ ਕਿ ਜਦੋਂ ਇੱਕ ਇਮਾਨਦਾਰ ਸਰਕਾਰੀ ਅਧਿਕਾਰੀ ਸਿਆਸੀ ਦਬਾਅ ਹੇਠ ਆਪਣੀ ਜਾਨ ਦੇਣ 'ਤੇ ਮਜਬੂਰ ਹੋ ਜਾਵੇ, ਤਾਂ ਇਹ ਸਿਰਫ ਇੱਕ ਪਰਿਵਾਰ ਨਹੀਂ, ਸਾਰੇ ਸਮਾਜ ਲਈ ਗੰਭੀਰ ਚੇਤਾਵਨੀ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਕੀਤੀਆਂ ਧੱਕੇਸ਼ਾਹੀਆਂ ਨੇ ਇਕ ਘਰ ਉਜਾੜ ਦਿੱਤਾ ਅਤੇ ਇਸਦੀ ਨੈਤਿਕ ਤੇ ਸਿਆਸੀ ਜ਼ਿੰਮੇਵਾਰੀ ਸਿੱਧੇ ਤੌਰ 'ਤੇ ਸਰਕਾਰ 'ਤੇ ਆਉਂਦੀ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਅਸਤੀਫੇ ਅਤੇ ਸਿਰਫ਼ ਇੱਕ ਵਿਅਕਤੀ ਦੀ ਗ੍ਰਿਫਤਾਰੀ ਨਾਲ ਇਨਸਾਫ਼ ਪੂਰਾ ਨਹੀਂ ਹੁੰਦਾ।ਖ਼ਬਰ ਲਿਖਣ ਤੱਕ ਮੰਤਰੀ ਲਾਲਜੀਤ ਸਿੰਘ ਭੁੱਲਰ ਦੀ ਗ੍ਰਿਫਤਾਰੀ ਹੋ ਚੁੱਕੀ ਹੈ, ਪਰ ਬਾਕੀ ਮੁਲਜ਼ਮ ਅਜੇ ਵੀ ਕਾਨੂੰਨ ਦੀ ਪਕੜ ਤੋਂ ਬਾਹਰ ਹਨ, ਜੋ ਕਿ ਪ੍ਰਸ਼ਾਸਨ ਦੀ ਨਿਰਪੱਖਤਾ 'ਤੇ ਸਵਾਲ ਖੜ੍ਹੇ ਕਰਦਾ ਹੈ। ਬਾਪੂ ਤਰਸੇਮ ਸਿੰਘ ਜੀ ਨੇ ਸਪੱਸ਼ਟ ਮੰਗ ਕਰਦਿਆਂ ਕਿਹਾ ਕਿ ਮੰਤਰੀ ਲਾਲਜੀਤ ਸਿੰਘ ਭੁੱਲਰ ਦੇ ਪਿਤਾ ਸੁਖਦੇਵ ਸਿੰਘ ਭੁੱਲਰ ਅਤੇ ਉਸਦੇ ਪੀਏ ਸਮੇਤ ਇਸ ਮਾਮਲੇ ਨਾਲ ਜੁੜੇ ਸਾਰੇ ਬਾਕੀ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰਕੇ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ, ਤਾਂ ਜੋ ਪੀੜਤ ਪਰਿਵਾਰ ਨੂੰ ਅਸਲ ਇਨਸਾਫ਼ ਮਿਲ ਸਕੇ।ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ 'ਤੇ ਤਿੱਖਾ ਸਿਆਸੀ ਹਮਲਾ ਕਰਦਿਆਂ ਕਿਹਾ ਕਿ ਜੇਕਰ ਸਰਕਾਰ ਆਪਣੇ ਹੀ ਮੰਤਰੀਆਂ 'ਤੇ ਨਿਯੰਤਰਣ ਨਹੀਂ ਰੱਖ ਸਕਦੀ ਅਤੇ ਨਿਰਪੱਖ ਇਨਸਾਫ਼ ਦੇਣ ਵਿੱਚ ਅਸਫ਼ਲ ਰਹਿੰਦੀ ਹੈ, ਤਾਂ ਅਜਿਹੀ ਸਰਕਾਰ ਨੂੰ ਸੱਤਾ ਵਿੱਚ ਰਹਿਣ ਦਾ ਕੋਈ ਨੈਤਿਕ ਅਧਿਕਾਰ ਨਹੀਂ। ਸ੍ਰੇਸ਼ਟ ਪ੍ਰਸ਼ਾਸਨਿਕ ਮਰਿਆਦਾਵਾਂ ਅਤੇ ਲੋਕਤੰਤਰਿਕ ਜ਼ਿੰਮੇਵਾਰੀਆਂ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਇਸ ਗੰਭੀਰ ਮਾਮਲੇ ਦੀ ਨੈਤਿਕ ਜ਼ਿੰਮੇਵਾਰੀ ਲੈਂਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਤੁਰੰਤ ਆਪਣੇ ਅਹੁਦੇ ਤੋਂ ਅਸਤੀਫਾ ਦੇ ਦੇਣਾ ਚਾਹੀਦਾ ਹੈ। ਬਾਪੂ ਤਰਸੇਮ ਸਿੰਘ ਜੀ ਨੇ ਦੁੱਖੀ ਪਰਿਵਾਰ ਨੂੰ ਦਿਲਾਸਾ ਦਿੰਦਿਆਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਸਮੁੱਚੀ ਲੀਡਰਸ਼ਿਪ ਅਤੇ ਹਰ ਵਰਕਰ ਇਸ ਮੁਸ਼ਕਲ ਘੜੀ ਵਿੱਚ ਉਨ੍ਹਾਂ ਦੇ ਨਾਲ ਖੜਾ ਹੈ। ਉਨ੍ਹਾਂ ਕਿਹਾ ਕਿ ਇਹ ਲੜਾਈ ਕਿਸੇ ਇੱਕ ਵਿਅਕਤੀ ਜਾਂ ਪਾਰਟੀ ਦੀ ਨਹੀਂ, ਸਗੋਂ ਸੱਚ, ਇਨਸਾਫ਼ ਅਤੇ ਇਨਸਾਨੀਅਤ ਦੀ ਲੜਾਈ ਹੈ, ਜਿਸਨੂੰ ਅੰਤ ਤੱਕ ਲੜਿਆ ਜਾਵੇਗਾ। ਉਨ੍ਹਾਂ ਇਹ ਵੀ ਭਰੋਸਾ ਦਿਵਾਇਆ ਕਿ ਪਾਰਟੀ ਕਿਸੇ ਵੀ ਤਰ੍ਹਾਂ ਦੇ ਸਿਆਸੀ ਦਬਾਅ ਅੱਗੇ ਝੁਕਣ ਵਾਲੀ ਨਹੀਂ ਅਤੇ ਜਦ ਤੱਕ ਗਗਨਦੀਪ ਸਿੰਘ ਰੰਧਾਵਾ ਦੇ ਪਰਿਵਾਰ ਨੂੰ ਪੂਰਾ ਇਨਸਾਫ਼ ਨਹੀਂ ਮਿਲਦਾ ਤੱਦ ਤੱਕ ਹਰ ਪੱਧਰ 'ਤੇ ਆਵਾਜ਼ ਬੁਲੰਦ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਜਾਗ ਚੁੱਕੇ ਹਨ ਅਤੇ ਸੱਤਾ ਦੇ ਦੁਰਉਪਯੋਗ ਨੂੰ ਹੋਰ ਬਰਦਾਸ਼ਤ ਨਹੀਂ ਕਰਨਗੇ।

**ਇਕੱਲੇ ਮੰਤਰੀ ਲਾਲਜੀਤ ਸਿੰਘ ਭੁੱਲਰ ਗ੍ਰਿਫਤਾਰੀ ਨਾਕਾਫੀ, ਸਾਰੇ ਦੋਸ਼ੀ ਹੋਣ ਗ੍ਰਿਫਤਾਰ : ਬਾਪੂ ਤਰਸੇਮ ਸਿੰਘ**

ਆਵਾਜ਼ਿ ਕੌਮ AWAZE QAUM International Newspaper & WEB TV

# ਆਲ ਇੰਡੀਆ ਮਹਿਲਾ ਸੰਸਕ੍ਰਿਤ ਸੰਗਠਨ ਵੱਲੋਂ ਸਫਲ ਮਹਿਲਾ ਸੰਮੇਲਨ ਦਾ ਆਯੋਜਨ



ਫ਼ਿਰੋਜ਼ਪੁਰ, 23 ਮਾਰਚ (ਮਨੋਹਰ ਲਾਲ) :— ਆਲ ਇੰਡੀਆ ਮਹਿਲਾ ਸੰਸਕ੍ਰਿਤ ਸੰਗਠਨ ਵੱਲੋਂ ਅੱਜ ਹੁਸੈਨੀਵਾਲਾ ਦੇ ਪਿੰਡ ਗੱਟੀ ਰਾਜੋਕੇ ਵਿੱਚ ਇੱਕ ਪ੍ਰੇਰਨਾਦਾਇਕ ਮਹਿਲਾ ਸੰਮੇਲਨ ਦਾ ਸਫਲਤਾ ਪੂਰਵਕ ਆਯੋਜਨ ਕੀਤਾ ਗਿਆ। ਸਰਹੱਦੀ ਪਿੰਡ ਵਿਖੇ ਦੁਪਹਿਰ 2:00 ਵਜੇ ਸ਼ੁਰੂ ਹੋਏ ਇਸ ਸਮਾਗਮ ਵਿੱਚ ਸੈਂਕੜੇ ਔਰਤਾਂ ਦੀ ਉਤਸ਼ਾਹੀ ਭਾਗੀਦਾਰੀ ਦੇਖਣ ਨੂੰ ਮਿਲੀ ਅਤੇ ਊਰਜਾ ਨਾਲ ਭਰੇ ਮਾਹੌਲ ਵਿੱਚ ਮਹੱਤਵਪੂਰਨ ਵਿਚਾਰਵਟਾਂਦਰੇ ਹੋਏ। ਕਾਨਫ਼ਰੰਸ ਦੌਰਾਨ ਪੰਜਾਬ ਵਿੱਚ ਨਸ਼ਿਆਂ ਦੀ ਵੱਧ ਰਹੀ ਸਮੱਸਿਆ ਨੂੰ ਜੜ੍ਹ ਤੋਂ ਖਤਮ ਕਰਨ ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ ਅਤੇ ਔਰਤਾਂ ਨੂੰ ਅੱਗੇ ਵਧਣ ਅਤੇ ਆਪਣੇ ਪਰਿਵਾਰਾਂ, ਪਿੰਡਾਂ ਅਤੇ ਭਾਈਚਾਰਿਆਂ ਵਿੱਚ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਵਿੱਚ ਅਗਵਾਈ ਕਰਨ ਦੀ ਅਪੀਲ ਕੀਤੀ ਗਈ। ਭਾਰਤੀ ਸੱਭਿਆਚਾਰ ਅਤੇ ਸੰਸਕ੍ਰਿਤ ਕਦਰਾਂ ਕੀਮਤਾਂ ਤੇ ਅਧਾਰਤ ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਅਤੇ ਨੌਜਵਾਨਾਂ ਨੂੰ ਇਸ ਸਮਾਜਿਕ ਬੁਰਾਈ ਦਾ ਸ਼ਿਕਾਰ ਹੋਣ ਤੋਂ ਬਚਾਉਣ ਲਈ ਦ੍ਰਿੜ ਵਚਨਬੱਧਤਾ ਪ੍ਰਗਟ ਕੀਤੀ ਗਈ। ਇਸ ਤੋਂ ਇਲਾਵਾ ਔਰਤਾਂ ਦੇ ਅਧਿਕਾਰਾਂ ਅਤੇ ਸਸ਼ਕਤੀਕਰਨ ਬਾਰੇ ਡੂੰਘਾਈ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ। ਸੰਗਠਨ ਨੇ ਜ਼ੋਰ ਦੇ ਕੇ ਕਿਹਾ ਕਿ ਭਾਰਤੀ ਪਰੰਪਰਾ ਦੇ ਅੰਦਰ ਔਰਤਾਂ ਨੂੰ ਦੇਵੀ ਦਾ ਦਰਜਾ ਦਿੱਤਾ ਜਾਂਦਾ ਹੈ, ਸਿੱਟੇ ਵਜੋਂ ਉਨ੍ਹਾਂ ਨੂੰ ਸਿੱਖਿਆ, ਰੁਜ਼ਗਾਰ, ਫੈਸਲੇ ਲੈਣ ਦੀ ਆਜ਼ਾਦੀ ਅਤੇ ਸਮਾਜਿਕ ਸੁਰੱਖਿਆ ਦੇ ਸੰਬੰਧ ਵਿੱਚ ਪੂਰੇ ਅਧਿਕਾਰ ਦਿੱਤੇ ਜਾਣੇ ਚਾਹੀਦੇ ਹਨ।ਔਰਤਾਂ ਨੂੰ ਉਨ੍ਹਾਂ ਦੀ ਅੰਦਰੂਨੀ ਸਮਰੱਥਾ ਨੂੰ ਪਛਾਣ ਕੇ ਅਤੇ ਇਸਦੀ ਵਰਤੋਂ ਕਰਕੇ ਸਸ਼ਕਤ ਬਣਾਉਣ ਦੀ ਜ਼ਰੂਰੀ ਲੋੜ ਤੇ ਜ਼ੋਰ ਦਿੱਤਾ ਗਿਆ। ਇਸ ਮੌਕੇ ਸਿੱਖਿਆ ਨੂੰ ਸਭ ਤੋਂ ਸ਼ਕਤੀਸ਼ਾਲੀ ਹਥਿਆਰ ਦੱਸਦੇ ਹੋਏ ਕਾਨਫਰੰਸ ਨੇ ਸੰਕਲਪ ਲਿਆ ਕਿ ਹਰ ਔਰਤ ਆਪਣਾ ਪੂਰਾ ਧਿਆਨ ਆਪਣੀ ਸਿੱਖਿਆ ਦੇ ਨਾਲ—ਨਾਲ ਆਪਣੀਆਂ ਧੀਆਂ ਦੀ ਸਿੱਖਿਆ ਵੱਲ ਸਮਰਪਿਤ ਕਰੇਗੀ, ਸਮਾਜ ਨੂੰ ਮਜ਼ਬੂਤ ਕਰਨ ਲਈ, ਸੰਸਕ੍ਰਿਤ ਗਿਆਨ, ਨੈਤਿਕ ਕਦਰਾਂ ਕੀਮਤਾਂ ਅਤੇ ਭਾਰਤੀ ਸੱਭਿਆਚਾਰ ਦੀ ਸੰਭਾਲ ਦੁਆਰਾ ਅਤੇ ਨਸ਼ਿਆਂ ਦੀ ਦੁਰਵਰਤੋਂ ਵਰਗੀਆਂ ਸਮਾਜਿਕ ਬੁਰਾਈਆਂ ਨੂੰ ਖਤਮ ਕਰਨ ਲਈ ਇੱਕ ਸਮੂਹਿਕ ਪ੍ਰਣ ਲਿਆ ਗਿਆ।ਇਸ ਸਮਾਗਮ ਦੀ ਪ੍ਰਧਾਨਗੀ ਬਲਵੀਰ ਕੌਰ ਰਾਏਕੋਟੀ (ਕੋਆਰਡੀਨੇਟਰ ਏ.ਆਈ.ਐਮ.ਐਸ.ਐਸ) ਨੇ ਕੀਤੀ। ਇਸ ਮੌਕੇ ਰਿਤੂ ਕੌਸ਼ਿਕ, ਪੂਜਾ ਰਾਣੀ, ਆਸ਼ਾ ਰਾਣੀ ਅਤੇ ਸਰਬਜੀਤ ਕੌਰ ਨੇ ਸੰਬੋਧਨ ਕਰਦਿਆਂ ਔਰਤਾਂ ਦੇ ਹੱਕਾਂ ਦੀ ਵਕਾਲਤ ਕਰਦਿਆਂ ਦੇਸ਼ ਵਿਚ ਔਰਤਾਂ ਦੇ ਅਧਿਕਾਰਾਂ ਤੋਂ ਜਾਣੂ ਕਰਵਾਇਆ। ਅਖਿਲ ਭਾਰਤੀ ਮਹਿਲਾ ਸੰਸਕ੍ਰਿਤ ਸੰਗਠਨ ਨੇ ਐਲਾਨ ਕੀਤਾ ਕਿ ਅਜਿਹੇ ਕਾਨਫਰੰਸਾਂ ਅਤੇ ਜਾਗਰੂਕਤਾ ਮੁਹਿੰਮਾਂ ਨੂੰ ਪੂਰੇ ਪੰਜਾਬ ਰਾਜ ਵਿੱਚ ਹੋਰ ਤੇਜ਼ ਕੀਤਾ ਜਾਵੇਗਾ, ਜਿਸਦਾ ਅੰਤਮ ਉਦੇਸ਼ ਪੰਜਾਬ ਨੂੰ ਨਸ਼ਾ ਮੁਕਤ, ਵਿਦਿਅਕ ਤੌਰ ਤੇ ਉਨਤ, ਸੱਭਿਆਚਾਰਕ ਤੌਰ ਤੇ ਸੁਰੱਖਿਅਤ ਅਤੇ ਮਹਿਲਾ ਸਸ਼ਕਤ ਰਾਜ ਵਿੱਚ ਬਦਲਣਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਮਾਲਵਾ ਵੈਲਫੇਅਰ ਕਲੱਬ ਵੱਲੋ ਸ਼ਹੀਦ ਭਗਤ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ

# ਖੂਨਦਾਨ ਕੈਂਪ ਅਤੇ ਸੱਭਿਆਚਾਰਕ ਮੇਲਾ ਕਰਵਾਇਆ ਗਿਆ











**ਤਲਵੰਡੀ ਸਾਬੋ, 23 ਮਾਰਚ (ਗੁਰਜੰਟ ਸਿੰਘ ਨਥੇਹਾ)**-ਸਥਾਨਕ ਸਮਾਜਸੇਵੀ ਸੰਸਥਾਵਾਂ ਵੈਲਫੇਅਰ ਕਲੱਬ ਵੱਲੋਂ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਵਿਸਾਲ ਖ਼ੂਨਦਾਨ ਕੈਂਪ ਅਤੇ ਸਭਿਆਚਾਰਕ ਮੇਲੇ ਦਾ ਆਯੋਜਨ ਖਾਲਸਾ ਸਕੂਲ ਵਿਖੇ ਕੀਤਾ ਗਿਆ। ਪ੍ਰੈੱਸ ਸਕੱਤਰ ਵਿਕਾਸ ਸਿੰਗਲਾ ਨੇ ਦੱਸਿਆ ਕਿ ਖ਼ੂਨਦਾਨ ਕੈਂਪ ਦਾ ਉਦਘਾਟਨ ਐੱਸ.ਐੱਮ.ਓ ਤਲਵੰਡੀ ਸਾਬੋ ਸ੍ਰੀ ਰਵੀਕਾਂਤ ਵੱਲੋਂ ਕੀਤਾ ਗਿਆ। ਉੱਥੇ ਹੀ ਇਸ ਪ੍ਰੋਗਰਾਮ ਦੀ ਪ੍ਰਧਾਨਗੀ ਬਾਬਾ ਕਾਕਾ ਸਿੰਘ ਜੀ ਮੁਖੀ ਲੰਗਰ ਬੁੰਗਾ ਮਸਤੂਆਣਾ ਸਾਹਿਬ ਵੱਲੋਂ ਕੀਤੀ ਗਈ। ਕਲੱਬ ਪ੍ਰਧਾਨ ਗਗਨਦੀਪ ਸਿੰਘ ਹੈਪੀ ਨੇ ਦੱਸਿਆਂ ਕਿ ਇਹ ਪ੍ਰੋਗਰਾਮ ਕਲੱਬ ਵੱਲੋਂ ਨਗਰ ਕੌਂਸਲ ਤਲਵੰਡੀ ਸਾਬੋ ਦੇ ਸਹਿਯੋਗ ਨਾਲ ਕਰਵਾਇਆ ਗਿਆ।ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਬੀਬਾ ਬਲਜਿੰਦਰ ਕੌਰ ਚੀਫ ਵਿੱਪ ਐੱਮ.ਐੱਲ.ਏ ਪਹੁੰਚੇ ਜਿਹਨਾਂ ਨੇ ਕਲੱਬ ਦੇ ਇਸ ਪ੍ਰੋਗਰਾਮ ਸ਼ਲਾਘਾ ਕਰਦਿਆਂ ਖ਼ੂਨਦਾਨੀਆਂ ਦੀ ਹੌਂਸਲਾ ਅਫ਼ਜਾਈ ਕੀਤੀ।ਇਸ ਕੈਂਪ ਵਿੱਚ ਏਮਜ਼ ਹਸਪਤਾਲ ਬਠਿੰਡਾ ਦੀ ਟੀਮ ਨੇ 65 ਬਲੱਡ ਯੂਨਿਟ ਇਕੱਤਰ ਕੀਤਾ ਉਥੇ ਇਸ ਪ੍ਰੋਗਰਾਮ ਵਿੱਚ ਵੱਖ-ਵੱਖ ਤਰ੍ਹਾਂ ਦੀਆਂ ਸਟਾਲਾਂ ਲਗਾਈਆਂ ਗਈਆਂ ਜਿਸ ਵਿੱਚ ਔਰਗੈਨਿਕ ਵਸਤਾਂ, ਕਿਤਾਬਾਂ ਤਰਕਸ਼ੀਲ ਲਿਟਰੇਚਰ ਅਤੇ ਹੈਲਥ ਅਵੈਰਨੇਸ ਕੈਂਪ ਵੀ ਲਾਏ ਗਏ। ਕਲੱਬ ਚੇਅਰਮੈਨ ਚੰਦਰਸ਼ੇਖਰ ਅਤੇ ਸਰਪ੍ਰਸਤ ਅੰਮ੍ਰਿਤਪਾਲ ਬਰਾੜ ਨੇ ਦੱਸਿਆ ਗਿਆ ਕਿ ਲੋਕ ਗਾਇਕ ਹਰਦੇਵ ਮਾਹੀਨੰਗਲ ਦੀ ਮਦਦ ਨਾਲ ਵਿਸ਼ਾਲ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ ਗਿਆ ਜਿਸ ਵਿੱਚ ਸਥਾਨਕ ਲੋਕ ਗਾਇਕ ਗੁਰਵਿੰਦਰ ਬਰਾੜ , ਗੁਰਦਾਸ ਸੰਧੂ, ਨਵਦੀਪ ਸੰਧੂ, ਜਸ ਸੰਧੂ, ਲਵਜੀਤ, ਬਲਵੀਰ ਚੋਟੀਆਂ, ਜਸਮੀਨ ਛੋਟੀਆਂ ਅਤੇ ਜੱਸੀ ਖਾਨ ਆਦਿ ਦੁਆਰਾ ਆਪਣੀ ਕਲਾ ਦੇ ਜੌਹਰ ਦਿਖਾਏ ਗਏ ਅਤੇ ਲੋਕਾਂ ਦਾ ਭਰਪੂਰ ਮਨੋਰੰਜਨ ਕੀਤਾ ਗਿਆ।ਸਥਾਨਕ ਗਾਇਕ ਟਾਈਗਰ ਵੱਲੋਂ ਵੀ ਇਸ ਪ੍ਰੋਗਰਾਮ ਦੇ ਵਿੱਚ ਆਪਣੀ ਗਾਇਕੀ ਰਾਹੀਂ ਲੋਕਾਂ ਦਾ ਮਨੋਰੰਜਨ ਕੀਤਾ ਗਿਆ। ਕਲੱਬ ਸਕੱਤਰ ਜਗਨਦੀਪ ਅਤੇ ਖਜਾਨਚੀ ਮਨਦੀਪ ਧਾਲੀਵਾਲ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਮਨਪ੍ਰੀਤ ਜਲਾਲ ਅਤੇ ਪ੍ਰੀਤ ਢੱਡੇ ਗਰੁੱਪ ਵੱਲੋਂ ਭਗਤ ਸਿੰਘ ਸ਼ਹੀਦੀ ਨੂੰ ਸਮਰਪਿਤ ਕਵੀਸ਼ਰੀ ਅਤੇ ਵਿਰਾਸਤੀ ਗਾਇਕੀ ਦੇ ਰੰਗ ਦਿਖਾਏ ਗਏ। ਇਸ ਪ੍ਰੋਗਰਾਮ ਦੇ ਵਿਸ਼ੇਸ਼ ਮਹਿਮਾਨ ਜਤਿੰਦਰ ਸਿੰਘ ਭੱਲਾ ਚੇਅਰਮੈਨ ਇੰਮਪੂਰਵਮੈਂਟ ਟਰੱਸਟ ਬਠਿੰਡਾ ਅਤੇ ਨੀਲ ਗਰਗ ਚੇਅਰਮੈਨ ਮੀਡੀਅਮ ਉਦਯੋਗ ਵਿਕਾਸ ਬੋਰਡ ਨੇ ਵੀ ਖ਼ੂਨਦਾਨੀਆਂ ਦੀ ਹੌਂਸਲਾ ਅਫ਼ਜਾਈ ਕੀਤੀ ਅਤੇ ਸੱਭਿਆਚਾਰਕ ਮੇਲੇ ਦਾ ਆਨੰਦ ਮਾਣਿਆ। ਇਸ ਮੌਕੇ ਨਗਰ ਕੌਂਸਲ ਪ੍ਰਧਾਨ ਵੱਲੋਂ ਹਰਜੀਤ ਸਰਾਂ, ਐਮ.ਸੀ ਡਾ. ਸੁਖਦੇਵ ਸਿੰਘ, ਬਲਵਿੰਦਰ ਗਿੱਲ, ਦਵਿੰਦਰ ਸਿੰਘ ਸੂਬਾ, ਖੁਸ਼ਦੀਪ ਸਿੰਘ, ਬੱਬੀ ਚੱਠਾ, ਮਨਪ੍ਰੀਤ ਸੋਨੀ, ਤਰਸੇਮ ਸਿੰਗਲਾ ਅਤੇ ਮੋਹਤਬਰ ਆਗੂ ਹਰਬੰਸ ਸਿੰਘ ਸਾਬਕਾ ਪ੍ਰਧਾਨ, ਗੁਰਤਿੰਦਰ ਰਿੰਪੀ ਮਾਨ ਸਾਬਕਾ ਪ੍ਰਧਾਨ, ਸਹਾਰਾ ਕਲੱਬ ਵੱਲੋਂ ਜਸਵਿੰਦਰ ਪਾਲ ਸ਼ਰਮਾ, ਬਰਿੰਦਰਪਾਲ ਮਹੇਸ਼ਵਰੀ, ਡਾ. ਪਰਮਜੀਤ ਕੌਰੇਆਣਾ, ਸੁਰਿੰਦਰ ਦਮਦਮੀ ਅਤੇ ਕਲੱਬ ਅਹੁਦੇਦਾਰ ਪ੍ਰਿੰਸੀਪਲ ਬਿਕਰਮਜੀਤ ਸਿੰਘ ਸਿੱਧੂ, ਚਮਨ ਲਾਲ, ਹਰਬੰਸ ਸਿੰਘ ਮਾਨ, ਰਾਜਦੀਪ ਸਿੰਘ, ਅਮਨਦੀਪ ਸਿੰਘ, ਰਜਤ ਕੁਮਾਰ, ਸ਼ੁਭਦੀਪ ਰੂਬੀ, ਸੁਖਪਾਲ ਸਿੰਘ, ਰਾਜਿੰਦਰ ਚੱਠਾ, ਚੌਧਰੀ ਵਿਜੇ ਪਾਲ, ਬਲਜੀਤ ਰਚਨਾ ਸਟੂਡੀਓ, ਪ੍ਰੀਤ ਅਕਾਲ ਫਲੈਕਸ, ਸੁਖਵਿੰਦਰ ਸਿੰਘ, ਬਲਵਿੰਦਰ ਬੱਡੂ, ਨੱਥਾ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਨਿੱਜੀਕਰਨ ਸੰਸਾਰੀਕਰਨ ਉਦਾਰੀ ਕਰਨ ਦੀਆਂ ਨੀਤੀਆਂ ਖਿਲਾਫ

# ਸ਼ਹੀਦ ਭਗਤ ਸਿੰਘ ਰਾਜਗੁਰੂ ਅਤੇ ਸੁਖਦੇਵ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ



ਫ਼ਿਰੋਜ਼ਪੁਰ, 23 ਮਾਰਚ (ਮਨੋਹਰ ਲਾਲ) :— ਸ਼ਹੀਦ ਭਗਤ ਸਿੰਘ ਰਾਜਗੁਰੂ ਅਤੇ ਸੁਖਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਮੁੱਖ ਰੱਖਦਿਆਂ ਹੋਇਆਂ ਫਿਰੋਜ਼ਪੁਰ ਐਸ.ਐਸ.ਪੀ ਦਫਤਰ ਅੱਗੇ ਇੱਕ ਵਿਸ਼ਾਲ ਸਾਮਰਾਜ ਵਿਰੋਧੀ ਦਿਵਸ ਵਜੋਂ ਕਾਨਫਰੰਸ ਕੀਤੀ ਗਈ। ਇਸ ਮੌਕੇ ਬੁਲਾਰਿਆਂ ਨੇ ਬੋਲਦਿਆਂ ਕਿਹਾ ਕਿ ਸੰਸਾਰ ਭਰ ਵਿੱਚ ਸਾਮਰਾਜ ਵੱਲੋਂ ਆਪਣੀ ਲੁੱਟ ਨੂੰ ਤੇਜ਼ ਕਰਨ ਲਈ ਜ਼ੁਲਮ ਦਾ ਚੱਕਰ ਚਲਾਇਆ ਜਾ ਰਿਹਾ ਹੈ, ਸਾਮਰਾਜ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਹੀ ਮੁਕਤ ਵਪਾਰ ਸਮਝੌਤਾ ਕੀਤਾ ਜਾ ਰਿਹਾ ਬੀਜ ਸੋਧ ਬਿੱਲ ਅਤੇ ਬਿਜਲੀ ਬਿੱਲ ਲੋਕ ਸਭਾ ਵਿੱਚ ਪੇਸ਼ ਕਰਕੇ ਲੋਕ ਵਿਰੋਧੀ ਕਾਨੂੰਨ ਬਣਾਇਆ ਜਾ ਰਿਹਾ ਹੈ, ਚਾਰ ਲੇਬਰ ਕੋਡ ਲਿਆ ਕੇ ਅਤੇ ਮਨਰੇਗਾ ਨੂੰ ਰੱਦ ਕਰਕੇ ਮਜ਼ਦੂਰਾਂ ਨੂੰ ਮਿਲਣ ਵਾਲੇ ਨਿਗੂਣੇ ਹੱਕ ਅਤੇ ਰੁਜ਼ਗਾਰ ਖੋਹ ਲਿਆ ਗਿਆ ਹੈ ਇਹ ਸਾਰਾ ਕੁਝ ਕਿਰਤੀ ਲੋਕਾਂ ਦਾ ਲੁੱਟ ਅਤੇ ਕਾਰਪੋਰੇਟ ਘਰਾਣਿਆਂ ਦੇ ਖਜ਼ਾਨੇ ਭਰਨ ਲਈ ਕੀਤਾ ਜਾ ਰਿਹਾ ਹੈ। ਇਸ ਮੌਕੇ ਲੁਟੇਰਿਆਂ ਸਾਮਰਾਜੀ ਨੀਤੀਆਂ ਕਾਰਨ ਲੁੱਟੇ ਅਤੇ ਕੁਚਲੇ ਜਾ ਰਹੇ ਮਿਹਨਤਕਸ਼ ਵਰਗਾਂ ਵਿੱਚ ਏਕਾ ਕਾਇਮ ਕਰੋ ਲੋਕਾਂ ਵਿੱਚ ਫਿਰਕੂ ਅਤੇ ਹੋਰ ਕਿਸਮ ਦੀਆਂ ਵੰਡੀਆਂ ਪਾਉਣ ਦੇ ਹਕੂਮਤੀ ਫਾਂਸੀ ਮਨਸੂਬੇ ਨੂੰ ਪਛਾੜਨ ਦੀ ਅਪੀਲ ਕੀਤੀ ਗਈ। ਇਸ ਮੌਕੇ ਆਗੂਆਂ ਨੇ ਦੇਸ਼ ਵਿੱਚੋਂ ਸਾਮਰਾਜੀ ਲੁੱਟ ਦੇ ਦਾਬੇ ਦੇ ਖਾਤਮੇ ਲਈ ਅਤੇ ਸ਼ਹੀਦਾਂ ਦੇ ਆਦਰਸ਼ਾਂ ਦਾ ਸਮਾਜ ਬਣਾਉਣ ਲਈ ਜੂਝਣ ਦੇ ਇਰਾਦੇ ਪ੍ਰਚੰਡ ਕਰਨ ਲਈ ਕਿਹਾ ਗਿਆ। ਇਸ ਮੌਕੇ ਅਮਰੀਕੀ ਸਾਮਰਾਜੀਆਂ ਮੂਹਰੇ ਗੋਡੇ ਟੇਕ ਚੁੱਕੀ ਮੋਦੀ ਹਕੂਮਤ ਨੂੰ ਸਖਤ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਸਾਮਰਾਜ ਖਿਲਾਫ ਕੌਮੀ ਅਣਖ ਦਾ ਝੰਡਾ ਬੁਲੰਦ ਕਰਦੇ ਹੋਏ ਸਮੇਂ ਦੀਆਂ ਚੁਨੌਤੀਆਂ ਕਬੂਲ ਕਰਨ ਲਈ ਕਿਹਾ ਗਿਆ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ, ਗੁਲਜਾਰ ਸਿੰਘ ਕੱਬਰਵੱਛਾ, ਸੁਖਮੰਦਰ ਸਿੰਘ ਕੌਮੀ ਕਿਸਾਨ ਯੂਨੀਅਨ, ਕਸ਼ਮੀਰ ਸਿੰਘ ਕੁਲ ਹਿੰਦ ਕਿਸਾਨ ਸਭਾ, ਇਕਬਾਲ ਸਿੰਘ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਬੁੱਟਰ ਗਰੁੱਪ ਰਕੇਸ਼ ਕੁਮਾਰ ਪੈਨਸ਼ਨ ਐਸੋਸੀਅਨ ਅਸ਼ਵਨੀ ਕੁਮਾਰ ਪੈਨਸ਼ਨ ਫੈਡਰੇਸ਼ਨ ਪੰਜਾਬ ਜਮਹੂਰੀ ਮੋਰਚਾ ਦੇ ਆਗੂ ਜਸਵੰਤ ਸਿੰਘ ਪੱਟੀ, ਗੁਰਭੇਜ ਸਿੰਘ ਟਿੱਬੀ, ਸਰਜੀਤ ਕੁਮਾਰ, ਸਰਵਣ ਸਿੰਘ, ਗੁਰਚਰਨ ਸਿੰਘ, ਗੁਰਵਿੰਦਰ ਸਿੰਘ, ਬਲਵਿੰਦਰ ਸਿੰਘ, ਬਲਵਿੰਦਰ ਕੁਮਾਰ ਸ਼ਰਮਾ, ਵਿਰਸਾ ਸਿੰਘ ਪੱਧਰੀ, ਦਰਸ਼ਨ ਸਿੰਘ ਕੜਮਾ, ਬਗੀਚਾ ਸਿੰਘ, ਜਤਿੰਦਰ ਸਿੰਘ ਕੜਮਾ, ਲਖਵੀਰ ਸਿੰਘ ਡੋਡ, ਸੁਖਜਿੰਦਰ ਸਿੰਘ ਚੰਦੜ, ਬਲਕਾਰ ਸਿੰਘ ਜੋਧਪੁਰ ਇਮਪਲਾਈਜ ਫੈਡਰੇਸ਼ਨ ਬਿਜਲੀ ਬੋਰਡ ਦੇ ਆਗੂ ਸਟੇਜ ਸੈਕਟਰੀ ਦੀ ਕਾਰਵਾਈ ਜ਼ਿਲ੍ਹਾ ਪ੍ਰਧਾਨ ਜਗੀਰ ਸਿੰਘ ਖਹਿਰਾ ਅਤੇ ਸੂਬਾ ਕਮੇਟੀ ਮੈਂਬਰ ਗੁਰਮੀਤ ਸਿੰਘ ਪੋਜੋਕੇ ਨੇ ਨਿਭਾਈ। ਰੰਗ ਲੋਕ ਮੰਚ ਨਾਟਕ ਟੀਮ ਵੱਲੋਂ ਕੋਰੋਗਰਾਫੀ ਅਤੇ ਨਾਟਕ ਪੇਸ਼ ਕੀਤਾ ਗਿਆ।

# ਕੌਮ ਦੇ ਸ਼ਹੀਦਾਂ ਨੂੰ ਭੇਂਟ ਕੀਤੀਆਂ ਸ਼ਰਧਾਂਜਲੀਆਂ




ਫ਼ਿਰੋਜ਼ਪੁਰ, 23 ਮਾਰਚ (ਮਨੋਹਰ ਲਾਲ) :— ਸ਼ਹੀਦ ਭਗਤ ਸਿੰਘ, ਰਾਜਗੁਰੂ , ਸੁਖਦੇਵ ਜਿਨ੍ਹਾਂ ਨੂੰ ਉਸ ਸਮੇਂ ਦੀ ਜ਼ਾਲਿਮ ਅੰਗਰੇਜ਼ ਸਰਕਾਰ ਨੇ ਫਾਂਸੀ ਦਾ ਹੁਕਮ ਸੁਣਾ ਕੇ ਫਾਂਸੀ ਤੇ ਚੜ੍ਹਾ ਦਿੱਤਾ। ਅੱਜ ਇੰਡੀਅਨ ਸੋਸ਼ਲ ਵੈਲਫੇਅਰ ਸੋਸਾਇਟੀ ਵੱਲੋਂ ਮੁਲਤਾਨੀ ਗੇਟ ਵਿਖੇ ਸ਼ਹੀਦ ਭਗਤ ਸਿੰਘ ਜੀ ਦੇ ਬੁੱਤ ਤੇ ਫੁੱਲ ਮਾਲਾਂਵਾ ਭੇਂਟ ਕਰਕੇ ਉਨ੍ਹਾਂ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ। ਸੋਸਾਇਟੀ ਦੇ ਪੈਟਰਨ ਹਰਜੀਤ ਸਿੰਘ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਸ਼ਹੀਦ ਭਗਤ ਸਿੰਘ ਜੀ ਦੇ ਸ਼ਹੀਦੀ ਦਿਨ ਪ੍ਰਣ ਕਰੀਏ ਕਿ ਪੰਜਾਬ ਨੂੰ ਨਸ਼ਾ ਮੁਕਤ ਅਤੇ ਸਾਫ਼ ਸੁਥਰੇ ਸਮਾਜ਼ ਦੀ ਸਿਰਜਣਾ ਕਰਨ ਲਈ ਅੱਗੇ ਆਈਏ। ਪ੍ਰਧਾਨ ਯਸ਼ ਪਾਲ ਸ਼ਰਮਾ ਨੇ ਦੱਸਿਆ ਸ਼ਹੀਦ ਭਗਤ ਸਿੰਘ ਦੀ ਸੋਚ ਚਲਦੇ ਹੋਏ ਕਿ ਸੁਸਾਇਟੀ ਹਰ ਸਮੇਂ ਸਮਾਜ ਵਿਚ ਚੰਗੇ ਕੰਮ ਕਰ ਰਹੀ ਹੈ ਅਤੇ ਕਰਦੀ ਰਹੇਗੀ। ਇਸ ਮੌਕੇ ਸੋਸਾਇਟੀ ਦੇ ਪੈਟਰਨ ਹਰਜੀਤ ਸਿੰਘ, ਯਸ਼ਪਾਲ ਸ਼ਰਮਾ, ਪੀ.ਕੇ.ਕਪੂਰ, ਭਾਗ ਸਿੰਘ, ਕੁਲਦੀਪ ਰਾਏ, ਗੁਰਪ੍ਰੀਤ ਸਿੰਘ, ਅਸ਼ੋਕ ਕੁਮਾਰ, ਦਪਿੰਦਰ ਸਿੰਘ, ਹਰਪ੍ਰੀਤ ਸਿੰਘ, ਰਾਜ਼ਨ ਮਹਿਤਾ ਹਾਜ਼ਰ ਸਨ। ਗੱਲਬਾਤ ਕਰਦਿਆਂ ਸ੍ਰੀ ਸ਼ਰਮਾ ਨੇ ਦੱਸਿਆ ਕਿ ਸ਼ਹੀਦ ਭਗਤ ਸਿੰਘ ਦੀ ਸੋਚ ਚਲਦੇ ਹੋਏ ਕਿ ਸੁਸਾਇਟੀ ਹਰ ਸਮੇਂ ਸਮਾਜ ਵਿਚ ਚੰਗੇ ਕੰਮ ਕਰ ਰਹੀ ਹੈ ਅਤੇ ਕਰਦੀ ਰਹੇਗੀ।





ੴ ਸਤਿਗੁਰ ਪ੍ਰਸਾਦਿ!!

# 7ਵਾਂ ਸ਼ਾਨਦਾਰ ਕਬੱਡੀ ਕੱਪ

ਵੱਲੋਂ:- ਗੁਰੂ ਗੋਬਿੰਦ ਸਿੰਘ ਜੀ ਯੁਵਾ ਕਲੱਬ , ਪੱਕਾ ਸ਼ਹੀਦਾਂ

ਮਿਤੀ 24 ਮਾਰਚ 2026

ਮੁੱਖ ਮਹਿਮਾਨ

(ਅੰਬੈਸਡਰ ਫਾਰ ਪੀਸ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ )

**ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ**

ਕਰਨਗੇ ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ



| ਭਾਰ ਵਰਗ | ਪਹਿਲਾ ਇਨਾਮ | ਦੂਜਾ ਇਨਾਮ | ਇੰਟਰੀ ਫੀਸ |
|---|---|---|---|
| 57 ਕਿਲੋ (2 ਬਾਹਰੋ) | 6100/- | 4100/- | 300/- |
| ਕਬੱਡੀ ਓਪਨ (3 ਬਾਹਰੋ) | 41000/- | 31000/- | 1000/- |

ਕਬੱਡੀ ਓਪਨ ਦੇ ਬੈਸਟ ਰੇਡਰ 11000/- ਕਬੱਡੀ ਓਪਨ ਦੇ ਬੈਸਟ ਜਾਫੀ 11000/-

1. ਕਿਸੇ ਟੀਮ ਨੂੰ ਕੋਈ ਕਿਰਾਇਆ ਨਹੀ ਦਿੱਤਾ ਜਾਵੇਗਾ ।
2. ਕਮੇਟੀ ਦਾ ਫੈਸਲਾ ਅੰਤਿਮ ਹੋਵੇਗਾ। ਰੈਫਰੀ ਨਾਲ ਕੋਈ ਬਹਿਸ ਨਹੀ ਹੋਵੇਗੀ।
3. ਇਤਰਾਜ ਫੀਸ 1000/- ਰੁਪਏ ਹੋਵੇਗੀ।
4. ਖਿਡਾਰੀ ਇਤਰਾਜ ਕਵਾਟਰ ਮੈਚ ਤੱਕ ਹੀ ਲਾ ਸਕਦੇ ਹਨ!
5. ਇਤਰਾਜ ਫੀਸ ਜਮਾ ਹੋਣ ਤੇ ਹੀ ਇਤਰਾਜ ਮੰਨਿਆ ਜਾਵੇਗਾ!
6. ਖਿਡਾਰੀ ਆਪਣੇ ਪਰੂਫ ਪੱਕੇ ਲੈ ਕੇ ਆਉਣ !
7. 57 ਕਿਲੋ 9 ਵਜੇ ਤੋਂ ਬਾਅਦ ਕਿਸੇ ਵੀ ਟੀਮ ਦੀ ਕੋਈ ਇੰਟਰੀ ਨਹੀ ਕੀਤੀ ਜਾਵੇਗੀ!
8. ਕਬੱਡੀ ਓਪਨ ਦੀਆਂ ਟੀਮਾਂ 23 ਮਾਰਚ ਤੱਕ ONLINE ਇੰਟਰੀਆਂ ਮੁਕਮਲ ਕਰਨ ! ONLINE ਇੰਟਰੀ ਦਾ ਸਕਰੀਨ ਸ਼ੌਰਟ ਦਿਖਾਉਣਾ ਲਾਜਮੀ ਹੋਵੇਗਾ!
9. ਬੁਲਾਏ ਗਏ ਕਮੈਂਟਰ ਤੇ ਰੈਫਰੀਆਂ ਤੋਂ ਬਿਨਾ ਕਿਸੇ ਨੂੰ ਮੌਕਾ ਨਹੀਂ ਦਿੱਤਾ ਜਾਵੇਗਾ।
10. ਕਬੱਡੀ ਓਪਨ ਦੀਆਂ 16 ਟੀਮਾਂ ਹੀ ਇੰਟਰ ਕੀਤੀਆਂ ਜਾਣਗੀਆਂ!
11. ਕਮੇਟੀ ਮੌਕੇ ਮੁਤਾਬਕ ਰੂਲ ਚੇਂਜ ਕਰ ਸਕਦੀ ਹੈ!

G Pay PhonePe
86849-77572
90531-64921

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦੁਆਰਾ ਹਜ਼ੂਰ ਸਾਹਿਬ ਵਿੱਖੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ!

LIVE PB31MANSA.COM

**ਸਥਾਨ: ਸਕੂਲ ਗਰਾਊਂਡ, ਪੱਕਾ ਸ਼ਹੀਦਾਂ (ਸਿਰਸਾ)**

M. 81684-16685, 93503-33244, 86079-54858, 70564-02376, 98175-63098

ਸਹਿਯੋਗ ਕਰਤਾ:

ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ ਅਤੇ ਗੁਰਦੁਆਰਾ ਹਜ਼ੂਰ ਸਾਹਿਬ ,ਪੱਕਾ ਸ਼ਹੀਦਾਂ

BALAJI

**ਸਿੰਘ ਸਾਹਿਬ ਬਾਬਾ ਟੇਕ ਸਿੰਘ ਜੀ ਨੇ ਨੌਜਵਾਨੀ ਨੂੰ ਸਿੱਖੀ ਵਿਰਸੇ ਨਾਲ ਜੁੜਨ ਦੀ ਕੀਤੀ ਅਪੀਲ**

# ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹਫ਼ਤਾਵਾਰੀ ਗੁਰਮਤਿ ਸਮਾਗਮ ਆਯੋਜਿਤ





**ਤਲਵੰਡੀ ਸਾਬੋ**, 23 ਮਾਰਚ (**ਗੁਰਜੰਟ ਸਿੰਘ ਨਥੇਹਾ**)- ਧਰਮ ਪ੍ਰਚਾਰ ਕਮੇਟੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹਫ਼ਤਾਵਾਰੀ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਪੰਥਕ ਰਵਾਇਤਾਂ ਅਨੁਸਾਰ ਇਲਾਹੀ ਬਾਣੀ ਦੇ ਪ੍ਰਵਾਹ ਚੱਲੇ। ਅਤੇ ਢਾਡੀ ਜਥਿਆਂ ਨੇ ਬੀਰ-ਰਸੀ ਵਾਰਾਂ ਰਾਹੀਂ ਸੰਗਤ ਅੰਦਰ ਸਿੱਖ ਇਤਿਹਾਸ ਦੇ ਗੌਰਵਮਈ ਪੰਨਿਆਂ ਪ੍ਰਤੀ ਉਤਸ਼ਾਹ ਭਰਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਜਿਸ ਵਿਚ 202 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜਗਤਾਰ ਸਿੰਘ ਜੀ ਨੇ ਗੁਰਬਾਣੀ ਦੀ ਕਥਾ ਵਿਚਾਰ ਰਾਹੀਂ ਸੰਗਤ ਨੂੰ ਨਿਹਾਲ ਕਰਦਿਆਂ ਗੁਰਮਤਿ ਜੀਵਨ ਜਾਚ ਦੀ ਮਹੱਤਤਾ 'ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਅਜੋਕੇ ਦੌਰ ਵਿੱਚ ਗੁਰੂ ਸਾਹਿਬਾਨ ਦੇ ਦਰਸਾਏ ਮਾਰਗ 'ਤੇ ਚੱਲਣਾ ਹੀ ਮਨੁੱਖਤਾ ਦੇ ਕਲਿਆਣ ਦਾ ਇੱਕੋ-ਇੱਕ ਸਾਧਨ ਹੈ। ਸਮਾਗਮ ਦੌਰਾਨ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਸਿੰਘ ਸਾਹਿਬ ਬਾਬਾ ਟੇਕ ਸਿੰਘ ਜੀ ਨੇ ਕੌਮ ਦੇ ਵਰਤਮਾਨ ਹਾਲਾਤ 'ਤੇ ਡੂੰਘੀ ਚਿੰਤਾ ਪ੍ਰਗਟਾਈ। ਉਨ੍ਹਾਂ ਕਿਹਾ ਕਿ ਸਿੱਖੀ 'ਤੇ ਚੌਤਰਫਾ ਹਮਲੇ ਹੋ ਰਹੇ ਹਨ। ਸਿੰਘ ਸਾਹਿਬ ਨੇ ਸੁਚੇਤ ਕੀਤਾ ਕਿ ਅਜੋਕੇ ਸਮੇਂ ਵਿੱਚ ਸਿੱਖ ਸਿਧਾਂਤਾਂ ਅਤੇ ਸੰਸਥਾਵਾਂ 'ਤੇ ਵੱਖ-ਵੱਖ ਰੂਪਾਂ ਵਿੱਚ ਵਿਚਾਰਧਾਰਕ ਹਮਲੇ ਹੋ ਰਹੇ ਹਨ, ਜਿਨ੍ਹਾਂ ਦਾ ਟਾਕਰਾ ਸਿਰਫ਼ ਗੁਰਮਤਿ ਗਿਆਨ ਅਤੇ ਪੰਥਕ ਇੱਕਜੁਟਤਾ ਨਾਲ ਹੀ ਸੰਭਵ ਹੈ। ਉਨ੍ਹਾਂ ਨੌਜਵਾਨ ਪੀੜ੍ਹੀ ਵਿੱਚ ਵਧ ਰਹੇ ਪਤਿਤਪੁਣੇ ਪ੍ਰਤੀ ਅਫ਼ਸੋਸ ਪ੍ਰਗਟ ਕਰਦਿਆਂ ਕਿਹਾ ਕਿ ਸਿੱਖੀ ਸਰੂਪ ਤੋਂ ਦੂਰ ਹੋਣਾ ਸਾਡੀ ਸੱਭਿਆਚਾਰਕ ਅਤੇ ਰੂਹਾਨੀ ਹੋਂਦ ਲਈ ਵੱਡਾ ਖ਼ਤਰਾ ਹੈ। ਨਸ਼ਿਆਂ ਦੇ ਵਧ ਰਹੇ ਰੁਝਾਨ ਨੂੰ ਕੌਮ ਲਈ 'ਘੁਣ' ਦੱਸਦਿਆਂ, ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਵਰਗੀ ਭਿਆਨਕ ਅਲਾਮਤ ਨੂੰ ਤਿਆਗ ਕੇ 'ਅੰਮ੍ਰਿਤ' ਦੇ ਧਾਰਨੀ ਬਣਨ ਅਤੇ ਖ਼ਾਲਸਈ ਸ਼ਾਨੋ-ਸ਼ੌਕਤ ਨੂੰ ਬਹਾਲ ਕਰਨ। ਸਮਾਗਮ ਦੇ ਅਖੀਰ ਵਿੱਚ ਖੰਡੇ-ਬਾਟੇ ਦੀ ਪਾਹੁਲ ਛਕ ਕੇ ਗੁਰੂ ਦੇ ਲੜ ਲੱਗੇ ਅੰਮ੍ਰਿਤ ਅਭਿਲਾਖੀਆਂ ਨੂੰ ਸਿੰਘ ਸਾਹਿਬ ਨੇ ਵਿਸ਼ੇਸ਼ ਤੌਰ 'ਤੇ ਮੁਬਾਰਕਬਾਦ ਦਿੱਤੀ। ਉਨ੍ਹਾਂ ਨਵੇਂ ਸਜੇ ਸਿੰਘਾਂ ਨੂੰ ਸਿੱਖ ਰਹਿਤ ਮਰਯਾਦਾ ਵਿੱਚ ਪਰਪੱਕ ਰਹਿਣ ਅਤੇ ਕੌਮੀ ਸੇਵਾ ਲਈ ਹਮੇਸ਼ਾ ਤਤਪਰ ਰਹਿਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਸ. ਨਰਿੰਦਰਜੀਤ ਸਿੰਘ ਮੈਨੇਜਰ ਤਖ਼ਤ ਸ੍ਰੀ ਦਮਦਮਾ ਸਾਹਿਬ, ਸ. ਭੋਲਾ ਸਿੰਘ ਇੰਚਾਰਜ ਸਭ ਆਫਿਸ ਧਰਮ ਪ੍ਰਚਾਰ ਕਮੇਟੀ, ਗਿਆਨੀ ਗੁਰਜੰਟ ਸਿੰਘ ਸਮੇਤ ਅਤੇ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਭਰੀ।

# ਸਿੱਖਾਂ ਦੇ ਪੰਜ ਤਖ਼ਤਾਂ ਲਈ ਵਿਸ਼ੇਸ਼ ਰੇਲ ਸੇਵਾ ਦੇਣ ਲਈ ਰਵਨੀਤ ਬਿੱਟੂ ਦਾ ਧੰਨਵਾਦ

**ਨਵੀਂ ਦਿੱਲੀ**, 23 ਮਾਰਚ (**ਮਨਪ੍ਰੀਤ ਸਿੰਘ ਖਾਲਸਾ**)-ਤਖ਼ਤ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ ਨੇ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਵੱਲੋਂ ਸਿੱਖਾਂ ਦੇ ਪੰਜ ਤਖ਼ਤ ਸਾਹਿਬਾਨ ਨੂੰ ਰੇਲ ਸੇਵਾ ਨਾਲ ਜੋੜਨ, ਨਵੀਂ ਰੇਲ ਸੇਵਾ ਸ਼ੁਰੂ ਕਰਨ ਅਤੇ ਪਹਿਲਾਂ ਤੋਂ ਚੱਲ ਰਹੀ ਰੇਲ ਸੇਵਾ ਨੂੰ ਅਤਿਆਧੁਨਿਕ ਬਣਾਉਣ ਲਈ ਕੀਤੇ ਜਾ ਰਹੇ ਯਤਨਾਂ ਦੀ ਸਰਾਹਨਾ ਕਰਦਿਆਂ ਕਿਹਾ ਕਿ ਇਸ ਨਾਲ ਦੇਸ਼ ਵਿਦੇਸ਼ ਤੋਂ ਤਖ਼ਤ ਸਾਹਿਬਾਨ ਲਈ ਆਉਣ ਵਾਲੇ ਸ਼ਰਧਾਲੂਆਂ ਨੂੰ ਸੁਵਿਧਾ ਮਿਲੇਗੀ ਅਤੇ ਨਾਲ ਹੀ ਸ਼ਰਧਾਲੂਆਂ ਦੀ ਗਿਣਤੀ ਵੀ ਵਧੇਗੀ। ਸਰਦਾਰ ਜਗਜੋਤ ਸਿੰਘ ਸੋਹੀ ਨੇ ਕਿਹਾ ਕਿ ਤਖ਼ਤ ਪਟਨਾ ਸਾਹਿਬ ਵਿੱਚ ਸ਼ਰਧਾਲੂਆਂ ਦੀ ਸੁਵਿਧਾ ਲਈ ਜੋ ਵੀ ਮੰਗ ਕੇਂਦਰੀ ਰਾਜ ਮੰਤਰੀ ਦੇ ਸਮੱਖ ਰੱਖੀ ਜਾਂਦੀ ਹੈ, ਉਸ ਨੂੰ ਪਹਿਲ ਦੇ ਆਧਾਰ ਤੇ ਪੂਰਾ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਬੀਤੇ ਦਿਨਾਂ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਨਾਂਦੇੜ ਤੋਂ ਪੰਜ ਤਖ਼ਤ ਸਾਹਿਬਾਨ ਲਈ ਵਿਸ਼ੇਸ਼ ਟ੍ਰੇਨ ਚਲਾਈ ਗਈ, ਜਿਸ ਦੀ ਪੂਰੀ ਮਾਨੀਟਰਿੰਗ ਖ਼ੁਦ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਵੱਲੋਂ ਕੀਤੀ ਗਈ, ਜਿਸ ਕਰਕੇ ਸੰਗਤ ਨੂੰ ਬਿਨਾ ਕਿਸੇ ਪਰੇਸ਼ਾਨੀ ਦੇ ਪੰਜ ਤਖ਼ਤ ਸਾਹਿਬਾਨ ਦੇ ਦਰਸ਼ਨ ਹੋ ਸਕੇ। ਇਸੇ ਤਰ੍ਹਾਂ ਪੰਜਾਬ ਤੋਂ ਤਖ਼ਤ ਪਟਨਾ ਸਾਹਿਬ ਲਈ ਵਾਧੂ ਰੇਲ ਸੇਵਾ ਸ਼ੁਰੂ ਕਰਨ ਅਤੇ ਪਟਨਾ ਸਾਹਿਬ ਤੋਂ ਹੋ ਕੇ ਗੁਜ਼ਰਨ ਵਾਲੀਆਂ ਸਾਰੀਆਂ ਟ੍ਰੇਨਾਂ ਦਾ ਪਟਨਾ ਸਾਹਿਬ ਸਟੇਸ਼ਨ ਤੇ ਠਹਿਰਾਓ ਹੋ ਸਕੇ, ਇਸ ਲਈ ਵੀ ਮਾਨਯੋਗ ਕੇਂਦਰੀ ਮੰਤਰੀ ਦੇ ਸਮੱਖ ਮੰਗ ਰੱਖੀ ਗਈ ਸੀ, ਜਿਨ੍ਹਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ। ਇਸ ਦੇ ਨਾਲ ਹੀ ਪਟਨਾ ਸਾਹਿਬ ਰੇਲਵੇ ਸਟੇਸ਼ਨ ਦਾ ਵਿਸਥਾਰ ਕਰਕੇ ਇਸ ਨੂੰ ਵੱਡਾ ਬਣਾਉਣਾ, ਪਲੇਟਫਾਰਮ ਨੂੰ ਆਧੁਨਿਕ ਸੁਵਿਧਾਵਾਂ ਨਾਲ ਲੈਸ ਕਰਨਾ, ਪਲੇਟਫਾਰਮ ਤੇ ਐਸਕੇਲੇਟਰ ਲਗਾ ਕੇ ਸਟੇਸ਼ਨ ਦਾ ਪੂਰੀ ਤਰ੍ਹਾਂ ਸੁੰਦਰਿਕਰਨ ਕਰਨ ਦਾ ਕੰਮ ਵੀ ਸ਼ੁਰੂ ਹੋ ਚੁੱਕਾ ਹੈ, ਜੋ ਜਲਦੀ ਹੀ ਪੂਰਾ ਕੀਤਾ ਜਾਵੇਗਾ। ਇਸ ਦਾ ਖਾਸ ਤੌਰ ਤੇ ਪੰਜਾਬ ਤੋਂ ਤਖ਼ਤ ਪਟਨਾ ਸਾਹਿਬ ਜਾਣ ਵਾਲੀ ਸੰਗਤ ਨੂੰ ਵਿਸ਼ੇਸ਼ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਹਾਲ ਹੀ ਵਿੱਚ ਤਖ਼ਤ ਦਮਦਮਾ ਸਾਹਿਬ, ਸਾਬੋ ਕੀ ਤਲਵੰਡੀ, ਬਠਿੰਡਾ ਨੂੰ ਰੇਲ ਸੇਵਾ ਨਾਲ ਜੋੜਨ ਦਾ ਵੀ ਸਰਾਹਣਯੋਗ ਯਤਨ ਕੀਤਾ ਗਿਆ ਹੈ, ਜਿਸ ਲਈ ਸਮੂਹ ਸਿੱਖ ਪੰਥ ਕੇਂਦਰੀ ਰੇਲ ਰਾਜ ਮੰਤਰੀ ਅਤੇ ਵਿਸ਼ੇਸ਼ ਤੌਰ ਤੇ ਦੇਸ਼ ਦੇ ਪ੍ਰਧਾਨ ਮੰਤਰੀ ਅਤੇ ਉਨ੍ਹਾਂ ਦੀ ਪੂਰੀ ਕੈਬਿਨੇਟ ਦਾ ਆਭਾਰ ਪ੍ਰਗਟ ਕਰਦਾ ਹੈ।



# 2027 'ਚ ਸਰਕਾਰ ਬਣਾਉਣ ਵਿੱਚ ਯੂਥ ਵਿੰਗ ਅਹਿਮ ਭੂਮਿਕਾ ਨਿਭਾਏਗਾ : ਗੁਰਪ੍ਰੀਤ ਸਿੰਘ ਸੋਹੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼੍ਰੋਮਣੀ ਅਕਾਲੀ ਦਲ ਦੀ ਭਰਵੀਂ ਰੈਲੀਆ 'ਚ ਹੋ ਰਹੇ ਲਗਾਤਾਰ ਇਕੱਠਾ ਤੋਂ ਪਤਾ ਲੱਗਦਾ ਹੈ ਕਿ 2027 ਦੇ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣੇਗੀ, ਜਿਸ ਦੇ ਮੁੱਖ ਮੰਤਰੀ ਸਰਦਾਰ ਸੁਖਬੀਰ ਸਿੰਘ ਬਾਦਲ ਹੋਣਗੇ ਸਰਕਾਰ ਬਣਾਉਣ ਵਿੱਚ ਯੂਥ ਵਿੰਗ ਸ਼੍ਰੋਮਣੀ ਅਕਾਲੀ ਦਲ ਅਹਿਮ ਭੂਮਿਕਾ ਨਿਭਾਏਗਾ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਗੁਰਪ੍ਰੀਤ ਸਿੰਘ ਸੋਹੀ ਪਲਾਸੌਰ ਸਰਕਲ ਪ੍ਰਧਾਨ ਯੂਥ ਵਿੰਗ ਸ਼੍ਰੋਮਣੀ ਅਕਾਲੀ ਦਲ ਬਾਦਲ ਨੇ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪਾਰਟੀ ਇੱਕੋ ਇੱਕ ਜਿਹੜੀ ਕਿ ਲੋਕਾਂ ਦੇ ਹਿੱਤਾਂ ਨਾਲ ਖੜੀ ਹੈ ਅਤੇ ਉਨ੍ਹਾਂ ਦੇ ਔਖ ਟਾਈਮ ਵਿੱਚ ਕੰਮ ਕਰਨ ਲਈ ਹਮੇਸ਼ਾ ਤਤਪਰ ਰਹਿੰਦੀ ਹੈ, ਜਿਸ ਦੇ ਚਲਦਿਆਂ ਲੋਕ ਹੁਣ ਜਾਣ ਚੁੱਕੇ ਹਨ ਕਿ ਪੰਜਾਬ ਸੂਬੇ -ਅੰਦਰ ਇੱਕੋ ਇੱਕ ਪਾਰਟੀ ਜਿਹੜੀ ਸ਼੍ਰੋਮਣੀ ਅਕਾਲੀ ਦਲ ਲੋਕਾਂ ਦੀ ਬਾਂਹ ਫੜ ਕੇ ਅੱਗੇ ਲਿਆਉਣ ਲਈ ਜਾਣੀ ਜਾਂਦੀ ਹੈ। ਇਸੇ ਦੇ ਚਲਦਿਆਂ ਲੋਕਾਂ ਦਾ ਰੁਝਾਨ ਅਤੇ ਪੰਜਾਬ ਦੀ ਬਾਗਡੋਰ ਸ਼੍ਰੋਮਣੀ ਅਕਾਲੀ ਦਲ ਬਾਦਲ ਪਾਰਟੀ ਨੂੰ ਦੇਣ ਲਈ ਉਤਾਵਲੇ ਬੈਠੇ ਹਨ।

# 2027 'ਚ ਬਣੇਗੀ ਅਕਾਲੀ ਸਰਕਾਰ, ਸੁਖਬੀਰ ਬਾਦਲ ਹੋਣਗੇ ਮੁੱਖ ਮੰਤਰੀ : ਮਨਜੀਤ ਸਿੰਘ ਭੱਟੀ



**ਬਾਬਾ ਬਕਾਲਾ ਸਾਹਿਬ**, 23 ਮਾਰਚ ( **ਬਾਬਾ ਸੁਖਵੰਤ ਸਿੰਘ ਚੰਨਣਕੇ**)-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਮਾਝੇ ਦੇ ਜਰਨੈਲ ਬਿਕਰਮ ਸਿੰਘ ਮਜੀਠੀਆ ਦੀ ਅਗਵਾਈ 'ਚ 'ਪੰਜਾਬ ਬਚਾਓ ਰੈਲੀ' ਮੁਹਿੰਮ ਨੂੰ ਲੋਕਾਂ ਦਾ ਤਗੜਾ ਹੁੰਗਾਰਾ ਮਿਲ ਰਿਹਾ ਹੈ।ਇਹ ਪ੍ਰਗਟਾਵਾ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਅਕਾਲੀ ਆਗੂ ਅਤੇ ਐੱਸ.ਸੀ. ਵਿੰਗ ਦੇ ਜ਼ਿਲਾ ਪ੍ਰਧਾਨ ਮਨਜੀਤ ਸਿੰਘ ਭੱਟੀ ਨੇ ਅੱਜ ਇਥੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਆਖਿਆ ਕਿ ਅਕਾਲੀ ਦਲ ਦੀ ਹਰ ਰੈਲੀ ਵਿਚ ਲੋਕਾਂ ਦਾ ਠਾਠਾਂ ਮਾਰਦਾ ਇਕੱਠ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਭਾਰੀ ਬਹੁਮਤ ਨਾਲ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣੇਗੀ ਅਤੇ ਸ. ਸੁਖਬੀਰ ਸਿੰਘ ਬਾਦਲ ਮੁੱਖ ਮੰਤਰੀ ਹੋਣਗੇ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਦੀਆਂ ਮਾਰੂ ਨੀਤੀਆਂ ਤੋਂ ਤੰਗ ਆਏ ਲੋਕ ਆਪਣੀ ਖੇਤਰੀ ਪਾਰਟੀ ਦੇ ਹੱਕ ਵਿੱਚ ਡੱਟਣ ਲਈ ਕਮਰਕੱਸੇ ਕਰ ਚੁੱਕੇ ਹਨ। ਮੌਜੂਦਾ ਸਰਕਾਰ ਦੀ ਬਿਨਾਂ ਪ੍ਰਵਾਹ ਕੀਤੇ ਨੌਜਵਾਨ, ਬਜੁਰਗ ਅਤੇ ਬੀਬੀਆਂ ਵਹੀਰਾਂ ਘੱਤ ਕੇ ਅਕਾਲੀ ਰੈਲੀਆਂ ਵਿੱਚ ਪਹੁੰਚ ਰਹੇ ਹਨ। ਜ਼ਿਲਾ ਪ੍ਰਧਾਨ ਮਨਜੀਤ ਸਿੰਘ ਭੱਟੀ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਹਮੇਸ਼ਾਂ ਗਰੀਬਾਂ ਦੀ ਲੜਾਈ, ਕਿਸਾਨਾਂ, ਵਪਾਰੀਆਂ ਅਤੇ ਪੰਜਾਬ ਦੇ ਹੱਕਾਂ ਦੀ ਲੜਾਈ ਹਿੱਕ ਡਾਹ ਕੇ ਲੜੀ ਹੈ। ਜਿਸ ਕਰਕੇ ਹਰ ਵਰਗ ਨਾਲ ਸਬੰਧਤ ਲੋਕ ਹੁਣ ਅਕਾਲੀ ਸਰਕਾਰ ਨੂੰ ਯਾਦ ਕਰ ਰਹੇ ਹਨ।

# ਹਠੂਰ ਵਿੱਚ ਨੌਜਵਾਨ ਦੀ ਸੜਕ ਹਾਦਸੇ ਕਾਰਨ ਹੋਈ ਮੌਤ



ਹਠੂਰ/ਜਗਰਾਉਂ -(ਵਰਿਆਮ ਹਠੂਰ) ਇਤਿਹਾਸਕ ਕਸਬਾ ਹਠੂਰ ਵਿਖੇ ਲੰਘੇ ਸ਼ਨੀਵਾਰ ਦੀ ਛਰਾਤ ਨੂੰ ਨੌਜਵਾਨ ਭਵਨਪ੍ਰੀਤ ਸਿੰਘ ਪੁੱਤਰ ਗੁਰਨਾਮ ਸਿੰਘ ਉਰਫ ਗੋਲਾ ਦੀ ਸੜਕ ਹਾਦਸੇ ਕਾਰਨ ਮੌਤ ਹੋ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜਾਣਕਾਰੀ ਦਿੰਦਿਆਂ ਥਾਣਾ ਹਠੂਰ ਦੇ ਏ.ਐੱਸ.ਆਈ. ਸੁਲੱਖਣ ਸਿੰਘ ਨੇ ਦੱਸਿਆ ਕਿ ਬੀਤੀ ਰਾਤ ਪਿੰਡ ਹਠੂਰ 'ਚ ਅੱਗ ਲੱਗਣ ਦੀ ਘਟਨਾ ਵਾਪਰਨ ਦੀ ਸੂਚਨਾ ਜਦ ਨੌਜਵਾਨ ਭਵਨਪ੍ਰੀਤ ਸਿੰਘ (23) ਪੁੱਤਰ ਗੁਰਨਾਮ ਸਿੰਘ ਵਾਸੀ ਹਠੂਰ ਨੂੰ ਮਿਲੀ, ਤਾਂ ਉਹ ਤੁਰੰਤ ਇੱਕ ਰੈਸਟੋਰੈਂਟ 'ਚ ਚੱਲ ਰਹੀ ਵਿਆਹ ਦੀ ਪਾਰਟੀ 'ਚੋਂ ਵਰਨਾ ਗੱਡੀ ਲੈ ਕੇ ਚੱਲ ਪਿਆ, ਜਦ ਉਹ ਹਠੂਰ ਦੇ ਰਾਮਾ ਰੋਡ ਚੌਕ ਨਜ਼ਦੀਕ ਪੁੱਜਾ, ਤਾਂ ਉਸ ਦੀ ਗੱਡੀ ਨਾਲ ਹਾਦਸਾ ਵਾਪਰ ਗਿਆ। ਉਸਦੀ ਕਾਰ ਸੜਕ ਕਿਨਾਰੇ ਪਏ ਇੱਟਾਂ ਵਾਲੇ ਚੱਕੇ ਵਿਚ ਜਾ ਵੱਜੀ ਅਤੇ ਉਸਦੀ ਮੌਕੇ 'ਤੇ ਹੀ ਮੌਤ ਹੋ ਗਈ। ਉਨ੍ਹਾਂ ਦੱਸਿਆ ਕਿ ਭਵਨਪ੍ਰੀਤ ਸਿੰਘ ਦੀ ਪੋਸਟਮਾਰਟਮ ਕਰਵਾ ਕੇ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਹੈ। ਜ਼ਿਕਰਯੋਗ ਹੈ। ਕਿ ਨੌਜਵਾਨ ਭਵਨਪ੍ਰੀਤ ਸਿੰਘ ਦਾ ਅੰਤਿਮ ਸੰਸਕਾਰ ਹਠੂਰ ਦੇ ਸ਼ਮਸ਼ਾਨਘਾਟ ਵਿਖੇ ਕਰ ਦਿੱਤਾ ਗਿਆ, ਜਿੱਥੇ ਮਾਪਿਆਂ ਸਮੇਤ ਰਿਸ਼ਤੇਦਾਰਾਂ ਮਿੱਤਰਾਂ ਅਤੇ ਨਗਰ ਦੇ ਲੋਕਾਂ ਨੇ ਸੇਜਲ ਅੱਖਾਂ ਨਾਲ ਭਵਨਪ੍ਰੀਤ ਸਿੰਘ ਨੂੰ ਅੰਤਿਮ ਵਿਦਾਇਗੀ ਦਿੱਤੀ, ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਗ੍ਰਾਮ ਪੰਚਾਇਤ ਹਠੂਰ, ਸਮਾਜ ਸੇਵੀ ਦਵਿੰਦਰ ਸਿੰਘ ਬੱਬੀ ਗਰੇਵਾਲ ਹਠੂਰ, ਸਾਬਕਾ ਸਰਪੰਚ ਮਲਕੀਤ ਸਿੰਘ ਧਾਲੀਵਾਲ ਨੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਤੇ ਕਿਹਾ ਕਿ ਬਹੁਤ ਹੀ ਮੰਦਭਾਗੀ ਘਟਨਾ ਵਾਪਰੀ ਹੈ। ਸੜਕ ਹਾਦਸੇ ਕਾਰਨ ਮਾਪਿਆਂ ਦਾ ਪੁੱਤ ਮੌਤ ਦੇ ਮੂੰਹ ਵਿੱਚ ਚਲਿਆ ਗਿਆ, ਨੌਜਵਾਨ ਭਵਨਪ੍ਰੀਤ ਦੇ ਸਦਾ ਲਈ ਵਿੱਛੜ ਜਾਣ ਨਾਲ ਪਰਿਵਾਰ ਅਤੇ ਰਿਸ਼ਤੇਦਾਰਾਂ ਮਿੱਤਰਾਂ ਨੂੰ ਕਦੇ ਵੀ ਨਾਂ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਪ੍ਰਮਾਤਮਾ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਸਥਾਨ ਬਖਸ਼ੇ।

### ਜਾਮਾ ਸਠਿਆਲਾ ਵਿਖੇ ਈਦ -ਉਲ- ਫਿਤਰ ਦਾ

# ਪਵਿੱਤਰ ਤਿਉਹਾਰ ਸ਼ਾਨੋ-ਸ਼ੌਕਤ ਨਾਲ ਮਨਾਇਆ



**ਬਾਬਾ ਬਕਾਲਾ ਸਾਹਿਬ, 23 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)-** ਜਾਮਾ ਮਸਜਿਦ ਸਠਿਆਲਾ ਵਿਖੇ ਈਦ- ਉਲ-ਫਿਤਰ ਦਾ ਪਵਿੱਤਰ ਤਿਉਹਾਰ ਬੜੀ ਸ਼ਾਨੋ-ਸ਼ੌਕਤ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਤੇ ਮੌਲਵੀ ਸਮਸ਼ੂਦੀਨ ਸਠਿਆਲਾ ਨੇ ਦੱਸਿਆ ਹੈ ਕਿ ਇਹ ਤਿਉਹਾਰ ਰਮਜ਼ਾਨ ਦੇ ਪਵਿੱਤਰ ਮਹੀਨੇ ਦੇ ਸਮਾਪਤ ਹੋਣ ਦੀ ਖੁਸ਼ੀ ਵਿੱਚ ਮਨਾਇਆ ਜਾਂਦਾ ਹੈ, ਜਿਸ ਦੌਰਾਨ ਮੁਸਲਿਮ ਭਾਈਚਾਰਾ ਰੋਜ਼ੇ ਰੱਖਦਾ ਹੈ ਅਤੇ ਇਬਾਦਤ ਕਰਦਾ ਹੈ। ਇਸ ਮੌਕੇ ਮੁਸਲਮਾਨ ਭਾਈਚਾਰੇ ਵਲੋਂ ਸਵੇਰੇ ਮਸਜਿਦ ਨਮਾਜ਼ ਅਦਾ ਕਰਨ ਉਪਰੰਤ ਇੱਕ-ਦੂਜੇ ਨੂੰ ਗਲੇ ਮਿਲ ਕੇ 'ਈਦ -ਉਲ- ਫਿਤਰ ਦੇ ਪਵਿੱਤਰ ਅਵਸਰ'ਤੇ ਵਧਾਈ ਦਿੱਤੀ। ਮੌਲਵੀ ਨੇ ਕਿਹਾ ਕਿ ਇਸ ਤਿਉਹਾਰ'ਤੇ ਮੁਸਲਮਾਨ ਭਾਈਚਾਰੇ ਦਾ ਆਪਸੀ ਪਿਆਰ-ਮੁਹੱਬਤ ਨਾਲ ਮਿਲਣਾ ਅਤੇ ਕੌਮੀ ਏਕਤਾ ਦਾ ਪ੍ਰਤੀਕ ਹੈ। ਇਸ ਮੌਕੇ ਤੇ ਮੁਹੰਮਦ ਬਲਹਾਰ, ਹਾਜੀ ਮੂਸਾ, ਹਾਜੀ ਬਖਸ਼, ਹਨੀ , ਜਕਾਰਤ ਹੁਸ਼ੈਨ, ਮਹੁੰਮਦ ਸ਼ਰੀਫ, ਸਵਾਰੀਆ ਭੈਣੀ, ਲਾਡੀ ਸਠਿਆਲਾ, ਮੁਹੰਮਦ ਸਹਿਨਾਜ , ਗੁਲਫਾਮ, ਤਨਵੀਰ ਸਠਿਆਲਾ, ਜੁਲਫਾਨ, ਹਾਫਿਜ ਤੋਸਿਫ ਸਠਿਆਲਾ , ਮੁਹੰਮਦ ਮਹਿਰੂਮ, ਹਾਸਿਫਤ, ਸ਼ੇਰ ਅਲੀ, ਡਾ. ਓਸਤਾਦੀਨ ਦੜੇਅਲੀ, ਮੁਹੰਮਲ ਸਫੀ, ਆਦਿ ਵਲੋਂ ਨਮਾਜ਼ , ਮੁਹੰਮਦ ਮੁਖਸਾਰ ਠੱਠੀਆਂ, ਜੋਰਮ ਮੁਹੰਮਦ , ਕਰੀਮ ਸਠਿਆਲਾ, ਮੁਹੰਮਦ ਅਲੀ ਆਦਿ ਵਲੋਂ ਨਮਾਜ਼ ਅਦਾ ਕਰਕੇ ਸਮੂਹ ਦੇਸ਼ ਵਾਸੀਆਂ ਨੂੰ ਈਦ -ਉਲ- ਫਿਤਰ ਦੇ ਪਵਿੱਤਰ ਅਵਸਰ ਵਧਾਈ ਦਿੱਤੀ ਗਈ, ਤੇ ਮੁਸਲਮਾਨ ਭਾਈਚਾਰੇ ਵਲੋਂ ਦੁੱਧ ਦੀ ਖੀਰ ਵਰਤਾਈ ਗਈ। ਜਾਮਾ ਸਠਿਆਲਾ ਵਿਖੇ ਮੌਲਵੀ ਸਮਸ਼ੂਦੀਨ ਈਦ -ਉਲ- ਫਿਤਰ ਦੇ ਪਵਿੱਤਰ ਤਿਉਹਾਰ ਮਨਾਉਣ ਬਾਰੇ ਦੱਸਦੇ ਹੋਏ ਨਾਲ ਮੁਹੰਮਦ ਬਲਹਾਰ ਤੇ ਹੋਰ।

# ਸ਼ਹੀਦੀ ਦਿਵਸ ਮੌਕੇ ਸ੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ ਵੈਰੋ ਨੰਗਲ ਵਿੱਚ ਸਮਾਗਮ ਆਯੋਜਿਤ









**ਚੌਕ ਮਹਿਤਾ, 23 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਵੈਰੋ ਨੰਗਲ: ਸ਼੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ ਵਿੱਚ ਸ਼ਹੀਦੀ ਦਿਵਸ ਦੇ ਮੌਕੇ 'ਤੇ ਇਕ ਭਾਵੁਕ ਅਤੇ ਪ੍ਰੇਰਣਾਦਾਇਕ ਸਮਾਗਮ ਆਯੋਜਿਤ ਕੀਤਾ ਗਿਆ। ਇਸ ਸਮਾਗਮ ਦੌਰਾਨ ਵਿਦਿਆਰਥੀਆਂ ਨੇ ਦੇਸ਼ ਦੇ ਮਹਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਅਰਪਿਤ ਕੀਤੀ ਅਤੇ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਯਾਦ ਕੀਤਾ। ਸਮਾਗਮ ਦੀ ਸ਼ੁਰੂਆਤ ਰਾਸ਼ਟਰੀ ਗੀਤ ਨਾਲ ਹੋਈ ਅਤੇ ਇਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੀ ਜ਼ਿੰਦਗੀ 'ਤੇ ਭਾਸ਼ਣ, ਕਵਿਤਾਵਾਂ ਅਤੇ ਨਾਟਕ ਪੇਸ਼ ਕੀਤੇ ਗਏ। ਵਿਦਿਆਰਥੀਆਂ ਨੇ ਦੇਸ਼ਭਗਤੀ ਦੇ ਗੀਤਾਂ ਰਾਹੀਂ ਮਾਹੌਲ ਨੂੰ ਦੇਸ਼-ਪ੍ਰੇਮ ਨਾਲ ਭਰ ਦਿੱਤਾ। ਸਕੂਲ ਦੇ ਡਾਇਰੈਕਟਰ ਨਰਿੰਦਰ ਸਿੰਘ ਬਾਠ ਅਤੇ ਰਾਜਵੰਤ ਕੌਰ ਬਾਠ ਜੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਾਨੂੰ ਸ਼ਹੀਦਾਂ ਦੀਆਂ ਕੁਰਬਾਨੀਆਂ ਤੋਂ ਪ੍ਰੇਰਣਾ ਲੈ ਕੇ ਆਪਣੇ ਜੀਵਨ ਵਿੱਚ ਦੇਸ਼ ਦੀ ਸੇਵਾ ਕਰਨ ਲਈ ਹਮੇਸ਼ਾ ਤਿਆਰ ਰਹਿਣਾ ਚਾਹੀਦਾ ਹੈ। ਪ੍ਰਿੰਸੀਪਲ ਸਾਖਸ਼ੀ ਬੇਦੀ ਜੀ ਨੇ ਵੀ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਫਰਜ਼ਾਂ ਬਾਰੇ ਜਾਣਕਾਰੀ ਦਿੱਤੀ ਅਤੇ ਚੰਗੇ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ। ਇਸ ਮੌਕੇ 'ਤੇ ਮੈਡਮ ਹਰਪ੍ਰੀਤ ਕੌਰ ਬਾਠ, ਮੈਡਮ ਰਾਜਬੀਰ ਕੌਰ, ਮੈਡਮ ਹਰਗੁਨ ਕੌਰ, ਜਸ਼ਨਪ੍ਰੀਤ ਕੌਰ, ਪਰਦੀਪ ਕੌਰ, ਸੰਦੀਪ ਕੌਰ, ਅਰਸ਼ਦੀਪ ਕੌਰ, ਮੈਡਮ ਹਰਪ੍ਰੀਤ ਕੌਰ ਨੱਤ, ਸਰ ਜੁਗਰਾਜ ਸਿੰਘ, ਮੈਡਮ ਰਮਨਪ੍ਰੀਤ ਕੌਰ, ਮੈਡਮ ਰਮਨਪਦੀਪ ਕੌਰ, ਮੈਡਮ ਅਮਨਦੀਪ ਕੌਰ, ਮੈਡਮ ਸਿਮਰਨਜੀਤ ਕੌਰ ਅਤੇ ਮੈਡਮ ਮਨਜੀਤ ਕੌਰ ਦੀ ਵੀ ਵਿਸ਼ੇਸ਼ ਹਾਜ਼ਰੀ ਰਹੀ। ਅੰਤ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਦਾ ਧੰਨਵਾਦ ਕੀਤਾ ਗਿਆ ਅਤੇ ਸ਼ਹੀਦਾਂ ਨੂੰ ਨਮਨ ਕਰਦੇ ਹੋਏ ਸਮਾਗਮ ਦਾ ਸਮਾਪਨ ਕੀਤਾ ਗਿਆ।

# ਦਸ਼ਮੇਸ਼ ਸਕੂਲ ਮਹਿਤਾ ਚੌਂਕ ਵਿਖੇ ਲੀਡ ਪ੍ਰੋਗਰਾਮ ਦੀ ਸ਼ੁਰੂਆਤ



**ਚੌਕ ਮਹਿਤਾ,23 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਇਲਾਕੇ ਦੀ ਨਾਮਵਰ ਸੰਸਥਾ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿੱਚ ਬੱਚਿਆਂ ਦੇ ਸਰਬਪੱਖੀ ਵਿਕਾਸ ਦਾ ਪੱਧਰ ਉੱਚਾ ਚੁੱਕਣ ਲਈ ਸੈਸ਼ਨ 2026-27 ਵਿਚ ਇੱਕ ਵਿਸ਼ੇਸ਼ ਪਹਿਲ ਕਦਮੀ ਕੀਤੀ ਜਾ ਰਹੀ ਹੈ। ਇਸ ਸਾਲ ਬੱਚਿਆਂ ਲਈ ਲੀਡ ਪ੍ਰੋਗਰਾਮ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਸਬੰਧ ਵਿੱਚ ਮਾਤਾ -ਪਿਤਾ ਲਈ ਇੱਕ ਓਰੀਐਂਟੇਸ਼ਨ ਪ੍ਰੋਗਰਾਮ ਵੀ ਆਯੋਜਿਤ ਕੀਤਾ ਗਿਆ ਕੀਤਾ ਗਿਆ। ਜਿਸਦਾ ਆਯੋਜਨ ਸਕੂਲ ਗਰਾਊਂਡ ਵਿੱਚ ਕੀਤਾ ਗਿਆ ਸੀ। ਮੈ. ਅਦਿਤੀ ਰਤਨ, ਸਰ ਮਾਨਵ ਸਰੀਨ, ਸਰ ਅਮੀਤ ਨੇ ਮਾਪਿਆਂ ਨੂੰ ਸੰਬੋਧਨ ਕਰਦੇ ਹੋਏ ਲੀਡ ਪ੍ਰੋਗਰਾਮ ਦੀ ਜਾਣਕਾਰੀ ਦਿੱਤੀ ਕਿ ਕਿਸ ਤਰ੍ਹਾਂ ਲੀਡ ਦੇ ਤਹਿਤ ਬੱਚੇ ਵਿਦਿਆ ਦੇ ਮਿਆਰ ਨੂੰ ਉੱਚਾ ਚੁੱਕ ਸਕਦੇ ਹਨ ਅਤੇ ਭਵਿੱਖ ਵਿੱਚ ਕਾਮਯਾਬੀ ਹਾਸਲ ਕਰ ਸਕਦੇ ਹਨ। ਇਸ ਤੋਂ ਇਲਾਵਾ ਕਿੰਡਰ ਗਾਰਡਨ ਕਲਾਸਾਂ ਨਰਸਰੀ ਐੱਲ.ਕੇ.ਜੀ, ਯੂ.ਕੇ.ਜੀ ਦਾ ਨਤੀਜਾ ਵੀ ਐਲਾਨਿਆ ਗਿਆ ਅਤੇ ਪੁਜੀਸ਼ਨ ਪ੍ਰਾਪਤ ਕਰ ਚੁੱਕੇ ਵਿਦਿਆਰਥੀਆਂ ਨੂੰ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਦਸ਼ਮੇਸ਼ ਸੰਸਥਾਵਾਂ ਦੇ ਡਾਇਰੈਕਟਰ ਸ੍ਰੀ ਲਛਮਣ ਸਿੰਘ ਰਾਵਤ, ਪ੍ਰਿੰਸੀਪਲ ਮੈ.ਗੁਰਬੀਰ ਕੌਰ, ਮੈ.ਹਰਪ੍ਰੀਤ ਕੌਰ, ਮੈ.ਰਵਿੰਦਰ ਕੌਰ, ਸਰ ਅੰਮ੍ਰਿਤਪਾਲ ਸਿੰਘ ,ਮੈ.ਸੁਧਾ ਸ਼ਰਮਾ, ਮੈ.ਰਕੇਸ਼ ਬਾਵਾ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਪੱਕਾ ਕਲਾਂ ਦੀਆਂ ਮਹਿਲਾ ਉਦਮੀਆਂ ਨੇ ਵਿਰਾਸਤ ਮੇਲੇ 'ਚ ਵਿਖਾਇਆ ਹੁਨਰ, ਵਿਧਾਇਕ ਵੱਲੋਂ ਸ਼ਲਾਘਾ

### ਪੱਕਾ ਕਲਾਂ ਵਿੱਚ ਐਚਐਮਈਐਲ ਰਿਫਾਇਨਰੀ ਵੱਲੋਂ ਚਲਾਏ ਜਾ ਰਹੇ 35 ਸਵੈ ਸਹਾਇਤਾ ਸਮੂਹਾਂ ਨਾਲ ਜੁੜ ਕੇ 16 ਇੰਟਰਪ੍ਰਾਈਜ਼ਾਂ ਰਾਹੀਂ 170 ਮਹਿਲਾਵਾਂ ਬਣੀਆਂ ਆਤਮਨਿਰਭਰ



**ਤਲਵੰਡੀ ਸਾਬੋ, 23 ਮਾਰਚ (ਗੁਰਜੰਟ ਸਿੰਘ ਨਥੇਹਾ)**-ਪੰਜਾਬ ਦੀ ਧਰੋਹਰ ਨੂੰ ਸੰਭਾਲਣ ਅਤੇ ਉਤਸ਼ਾਹਿਤ ਕਰਨ ਲਈ ਲਗਾਏ ਗਏ ਤਿੰਨ ਦਿਨਾਂ ਵਿਰਾਸਤ ਮੇਲੇ ਵਿੱਚ ਪਿੰਡਾਂ ਦੀਆਂ ਮਹਿਲਾਵਾਂ ਨੇ ਆਪਣੀ ਕਲਾ ਅਤੇ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਐਚਐਮਈਐਲ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਵੱਲੋਂ ਪਿੰਡ ਪੱਕਾ ਕਲਾਂ ਵਿੱਚ ਚਲਾਏ ਜਾ ਰਹੇ ਸਵੈ ਸਹਾਇਤਾ ਸਮੂਹਾਂ ਦੀਆਂ ਮਹਿਲਾਵਾਂ ਵੱਲੋਂ ਲਗਾਈਆਂ ਗਈਆਂ ਸਟਾਲਾਂ ਮੇਲੇ ਦਾ ਖਾਸ ਕੇਂਦਰ ਰਹੀਆਂ। ਇਸ ਮੌਕੇ ਹਲਕਾ ਤਲਵੰਡੀ ਸਾਬੋ ਦੀ ਵਿਧਾਇਕ ਪ੍ਰੋ. ਬਲਜਿੰਦਰ ਕੌਰ ਨੇ ਸਟਾਲਾਂ ਦਾ ਦੌਰਾ ਕਰਕੇ ਮਹਿਲਾਵਾਂ ਨਾਲ ਗੱਲਬਾਤ ਕੀਤੀ। ਮਹਿਲਾਵਾਂ ਨੇ ਆਪਣੇ ਬਣਾਏ ਉਤਪਾਦਾਂ ਅਤੇ ਸਮੂਹਾਂ ਦੇ ਕੰਮ ਬਾਰੇ ਜਾਣਕਾਰੀ ਦਿੱਤੀ। ਵਿਧਾਇਕ ਨੇ ਮਹਿਲਾਵਾਂ ਦੇ ਇਸ ਯਤਨ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਹੋਰ ਅੱਗੇ ਵੱਧਣ ਲਈ ਪ੍ਰੇਰਿਤ ਕੀਤਾ। ਪੰਜਾਬ ਰਾਜ ਪੇਂਡੂ ਆਜੀਵਿਕਾ ਮਿਸ਼ਨ ਤਹਿਤ "ਪੰਜਾਬ ਸਖੀ ਸ਼ਕਤੀ ਮੇਲਾ ਮਹਿਲਾ ਉਦਮੀਆਂ ਦਾ ਸਸ਼ਕਤੀਕਰਨ" ਥੀਮ ਅਧੀਨ ਸਵੈ ਸਹਾਇਤਾ ਸਮੂਹਾਂ ਨੂੰ ਆਪਣੀ ਕਲਾ ਵਿਖਾਉਣ ਦਾ ਮੌਕਾ ਦਿੱਤਾ ਗਿਆ। ਐਚਐਮਈਐਲ ਦੇ ਸਹਿਯੋਗ ਨਾਲ ਪੱਕਾ ਕਲਾਂ ਵਿੱਚ ਚੱਲ ਰਹੇ ਫਤਿਹ ਸਵੈ ਸਹਾਇਤਾ ਸਮੂਹ ਵੱਲੋਂ ਪ੍ਰਿੰਟਿਡ ਸੂਟ, ਸਤਿਗੁਰੂ ਸਮੂਹ ਵੱਲੋਂ ਨੋਟਬੁੱਕ ਅਤੇ ਗਿਆਨ ਸਮੂਹ ਵੱਲੋਂ ਬੈਗਾਂ ਦੀਆਂ ਸਟਾਲਾਂ ਲਗਾਈਆਂ ਗਈਆਂ। ਮਹਿਲਾਵਾਂ ਨੇ ਲੈਪਟਾਪ ਬੈਗ, ਫੁਲਕਾਰੀ ਬੈਗ, ਪ੍ਰਿੰਟਿਡ ਬੈਗ, ਸੂਟ ਅਤੇ ਹੋਰ ਹੱਥੋਂ ਬਣੇ ਉਤਪਾਦ ਪ੍ਰਦਰਸ਼ਿਤ ਕੀਤੇ। ਐਚਐਮਈਐਲ ਵੱਲੋਂ ਪੱਕਾ ਕਲਾਂ ਵਿੱਚ ਮਹਿਲਾ ਸਸ਼ਕਤੀਕਰਨ ਲਈ ਲਗਭਗ 35 ਸਵੈ ਸਹਾਇਤਾ ਸਮੂਹ ਚਲਾਏ ਜਾ ਰਹੇ ਹਨ, ਜਿਨ੍ਹਾਂ ਵਿੱਚੋਂ 16 ਸਮੂਹਾਂ ਨੂੰ ਉਦਯੋਗ ਨਾਲ ਜੋੜ ਕੇ ਕਰੀਬ 170 ਮਹਿਲਾਵਾਂ ਨੂੰ ਆਤਮਨਿਰਭਰ ਬਣਾਇਆ ਗਿਆ ਹੈ। ਇੱਥੇ ਸਕੂਲ ਯੂਨੀਫਾਰਮ, ਬੈਗ, ਲੈਦਰ ਬੈਗ, ਲੈਪਟਾਪ ਬੈਗ, ਲੋਅਰ, ਨੋਟਬੁੱਕ, ਸੈਨਿਟਰੀ ਪੈਡ, ਅਚਾਰ ਆਦਿ ਦੇ ਕਈ ਯੂਨਿਟ ਸਫਲਤਾਪੂਰਵਕ ਚੱਲ ਰਹੇ ਹਨ। ਇਨ੍ਹਾਂ ਯਤਨਾਂ ਦੇ ਨਤੀਜੇ ਵਜੋਂ ਪਿੰਡ ਦੀ ਰੂਪਿੰਦਰ ਕੌਰ ਨੂੰ ਹਾਲ ਹੀ ਵਿੱਚ ਨਵੀਂ ਦਿੱਲੀ ਵਿੱਚ ਹੋਏ ਰਾਸ਼ਟਰੀ ਆਜੀਵਿਕਾ ਸੰਮੇਲਨ ਵਿੱਚ "ਲਖਪਤੀ ਦੀਦੀ" ਸਨਮਾਨ ਮਿਲਿਆ। ਉਨ੍ਹਾਂ ਨੇ ਦੇਸ਼ ਭਰ ਤੋਂ ਆਈਆਂ ਮਹਿਲਾਵਾਂ ਨਾਲ ਆਪਣੀ ਪ੍ਰੇਰਣਾਦਾਇਕ ਯਾਤਰਾ ਸਾਂਝੀ ਕੀਤੀ। ਇਸ ਤੋਂ ਇਲਾਵਾ, ਸਤਿਗੁਰੂ ਸਵੈ ਸਹਾਇਤਾ ਸਮੂਹ ਦੀ ਮਮਤਾ ਅਰੋੜਾ ਨੇ ਵੀ ਦਿੱਲੀ ਵਿੱਚ ਹੋਏ "ਸਸਟੇਨੇਬਲ ਮਾਡਲਜ਼ ਦੇ ਰਾਹੀਂ ਮਹਿਲਾ ਉਦਮਾਂ ਨੂੰ ਅੱਗੇ ਵਧਾਉਣਾ" ਵਿਸ਼ੇ 'ਤੇ ਆਯੋਜਿਤ ਰਾਸ਼ਟਰੀ ਮਹਿਲਾ ਉਦਮੀਤਾ ਸੰਮੇਲਨ ਵਿੱਚ ਭਾਗ ਲਿਆ ਅਤੇ ਆਪਣੇ ਅਨੁਭਵ ਸਾਂਝੇ ਕੀਤੇ। ਇਸ ਮੌਕੇ ਰਾਸ਼ਟਰੀ ਪੇਂਡੂ ਆਜੀਵਿਕਾ ਮਿਸ਼ਨ ਦੀ ਮੁੱਖ ਸਕੱਤਰ ਸ੍ਰੀਮਤੀ ਸਵਾਤੀ ਸ਼ਰਮਾ ਵੀ ਮੌਜੂਦ ਸਨ। ਪਿੰਡ ਦੀ ਸ਼ੀਲਾ ਦੇਵੀ ਫਤਿਹ ਸਵੈ ਸਹਾਇਤਾ ਸਮੂਹ ਦੀ ਨੁਮਾਇੰਦਗੀ ਕਰਦਿਆਂ ਪ੍ਰਿੰਟਿਡ ਸੂਟ ਤਿਆਰ ਕਰ ਰਹੀ ਹੈ ਅਤੇ ਹੋਰ ਮਹਿਲਾਵਾਂ ਲਈ ਆਤਮਨਿਰਭਰਤਾ ਦੀ ਮਿਸਾਲ ਬਣ ਰਹੀ ਹੈ। ਵਿਰਾਸਤ ਮੇਲੇ ਵਿੱਚ ਇਨ੍ਹਾਂ ਤਿੰਨ ਸਮੂਹਾਂ ਨੂੰ ਆਪਣੇ ਉਤਪਾਦ ਪ੍ਰਦਰਸ਼ਿਤ ਕਰਨ ਦਾ ਮੌਕਾ ਮਿਲਿਆ, ਜਿੱਥੇ ਉਨ੍ਹਾਂ ਦੀ ਮਹਿਨਤ ਅਤੇ ਹੁਨਰ ਨੂੰ ਵਿਆਪਕ ਸਰਾਹਨਾ ਮਿਲੀ।